TOURIST VISA
USA CANADA
SCHENGEN/ UK
AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ 13 ਮਈ 2025

Email:- lokbani08@gmail.com

ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ
ਦੀ ਲੋੜ
99155-94111

R. N. I. Punpun/29016/2008 * ਸਾਲ 16 , * ਅੰਕ : 295 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਅਸੀਂ ਭਾਰਤ ਤੇ ਪਾਕਿ ਦਰਮਿਆਨ ਪਰਮਾਣੂ ਜੰਗ ਰੋਕੀ: ਟਰੰਪ

ਵਾਸ਼ਿੰਗਟਨ, ਲੋਕ ਬਾਣੀ - ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਅੱਜ ਮੁੜ ਦਾਅਵਾ ਕੀਤਾ ਕਿ ਉਨ੍ਹਾਂ ਦੇ ਪ੍ਰਸ਼ਾਸਨ ਨੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਪਰਮਾਣੂ ਜੰਗ ਨੂੰ ਰੋਕ ਦਿੱਤਾ ਹੈ।



ਡੋਨਲਡ ਟਰੰਪ ਨੇ ਵਾਈਟ ਹਾਊਸ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਮਰੀਕਾ ਨੇ ਦੋਵਾਂ ਦੇਸ਼ਾਂ ਦਰਮਿਆਨ ਜੰਗਬੰਦੀ ਲਈ ਮਦਦ ਕੀਤੀ। ਉਨ੍ਹਾਂ ਦੋਵਾਂ ਦੇਸ਼ਾਂ ਨੂੰ ਸਮਝਾਇਆ ਕਿ ਜੇ ਜੰਗ ਨਾ ਰੋਕੀ ਤਾਂ ਅਮਰੀਕਾ ਵਪਾਰ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਇਹ ਜੰਗਬਾਦੀ ਸਥਾਈ ਰਹੇਗੀ।

## IAF ਅਸੀਂ ਕਿਰਾਨਾ ਹਿੱਲਜ਼ 'ਤੇ ਹਮਲਾ ਨਹੀਂ ਕੀਤਾ: ਭਾਰਤੀ ਹਵਾਈ ਫੌਜ

ਨਵੀਂ ਦਿੱਲੀ ਲੋਕ ਬਾਣੀ-ਪਾਕਿਸਤਾਨੀ ਅਥਾਰਟੀ ਨੇ ਅੱਜ ਦਾਅਵਾ ਕੀਤਾ ਕਿ ਲੰਘੇ ਸ਼ਨਿਚਰਵਾਰ ਨੂੰ ਭਾਰਤੀ ਡਰੋਨਾਂ ਰਾਹੀਂ ਕੀਤੇ ਗਏ ਹਮਲਿਆਂ 'ਚ ਪਾਕਿਸਤਾਨ ਦੇ ਸੱਤ ਵਿਅਕਤੀ ਮਾਰੇ ਗਏ ਜਦਕਿ ਛੇ ਹੋਰ ਜ਼ਖ਼ਮੀ ਹੋ ਗਏ। ਸਰਕਾਰੀ ਅਧਿਕਾਰੀ ਨੇ ਦੱਸਿਆ ਕਿ ਭਾਰਤੀ ਡਰੋਨਾਂ ਵੱਲੋਂ ਪੰਜਾਬ ਦੇ ਜਿਹੜੇ ਇਲਾਕਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਉਨ੍ਹਾਂ 'ਚ ਲਾਹੌਰ, ਚਿਨੀਓਟ, ਪਾਕਪਟਨ, ਖਰਿਆਨ, ਸ਼ੇਖ਼ੂਪੁਰਾ ਤੇ ਜਲਾਪੁਰ ਜੱਟਾਂ ਸ਼ਾਮਲ ਹਨ। ਭਾਰਤ ਵੱਲੋਂ ਦਾਗੀ ਗਈ ਮਿਜ਼ਾਈਲ ਦੇ ਹਮਲੇ 'ਚ ਲਾਹੌਰ



ਤੋਂ ਤਕਰੀਬਨ 400 ਕਿਲੋਮੀਟਰ ਦੂਰ ਪੰਜਾਬ ਦੇ ਰਹੀਮ ਯਾਰ ਖਾਨ ਜ਼ਿਲ੍ਹੇ 'ਚ ਸਥਿਤ ਸ਼ੇਖ਼ ਜ਼ਾਇਦ ਕੌਮਾਂਤਰੀ ਹਵਾਈ ਅੱਡੇ (ਏਅਰਬੇਸ) ਨੂੰ ਕਾਫੀ ਨੁਕਸਾਨ ਪਹੁੰਚਿਆ ਹੈ।

## ਪੂਤਿਨ ਦੁਵੱਲੀ ਗੱਲਬਾਤ ਲਈ ਭਾਰਤ ਆਉਣਗੇ

ਮਾਸਕੋ, ਲੋਕ ਬਾਣੀ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਟੈਲੀਫੋਨ 'ਤੇ ਗੱਲਬਾਤ ਕੀਤੀ। ਇਹ ਜਾਣਕਾਰੀ ਰੂਸੀ ਰਾਸ਼ਟਰਪਤੀ ਦੀ ਅਧਿਕਾਰਤ ਵੈੱਬਸਾਈਟ ਨੇ ਨਸ਼ਰ ਕੀਤੀ ਹੈ। ਦੋਵਾਂ ਆਗੂਆਂ ਨੇ ਰੂਸ-ਭਾਰਤ ਸਬੰਧਾਂ ਦੀ ਰਣਨੀਤਕ ਮਜ਼ਬੂਤੀ 'ਤੇ ਗੱਲ ਕੀਤੀ।ਰਾਸ਼ਟਰਪਤੀ ਪੂਤਿਨ ਨੇ ਪਹਿਲਗਾਮ ਵਿੱਚ ਹਾਲ ਹੀ ਵਿੱਚ ਹੋਏ ਅਤਿਵਾਦੀ ਹਮਲੇ ਉੱਤੇ ਆਪਣੀ



ਸੰਵੇਦਨਾ ਨੂੰ ਦੁਹਰਾਇਆ ਅਤੇ ਦੋਵਾਂ ਧਿਰਾਂ ਨੇ ਅਤਿਵਾਦ ਦਾ ਮੁਕਾਬਲਾ ਕਰਨ ਵਿੱਚ ਨਿਰੰਤਰ ਸਹਿਯੋਗ ਦੀ ਤੁਰੰਤ ਲੋੜ ਉੱਤੇ ਜ਼ੋਰ ਦਿੱਤਾ।

## ਸੂਬਿਆਂ ਨੂੰ ਅਪਰਾਧਾਂ ਦੀ ਤੇਜ਼ੀ ਨਾਲ ਸੁਣਵਾਈ ਲਈ ਵਿਸ਼ੇਸ਼ ਅਦਾਲਤਾਂ ਦੀ ਲੋੜ: ਸੁਪਰੀਮ ਕੋਰਟ

ਨਵੀਂ ਦਿੱਲੀ, ਲੋਕ ਬਾਣੀ- ਦੇਸ਼ ਦੀ ਸਰਵਉਚ ਅਦਾਲਤ ਨੇ ਵਿਸ਼ੇਸ਼ ਕਾਨੂੰਨਾਂ ਤਹਿਤ ਕੇਸਾਂ ਦੀ ਤੇਜ਼ੀ ਨਾਲ ਸੁਣਵਾਈ ਲਈ ਕੇਂਦਰ ਅਤੇ ਸੂਬਿਆਂ ਲਈ ਵਿਸ਼ੇਸ਼ ਅਦਾਲਤਾਂ ਦੀ ਸਥਾਪਨਾ 'ਤੇ ਜ਼ੋਰ ਦਿੰਦਿਆਂ ਕੇਂਦਰ ਨੂੰ ਦੋ ਹਫ਼ਤਿਆਂ ਵਿੱਚ ਆਪਣਾ ਪੱਖ ਰੱਖਣ ਲਈ ਕਿਹਾ ਹੈ। ਜਸਟਿਸ ਸੂਰਿਆ ਕਾਂਤ ਅਤੇ ਐੱਨ ਕੋਟੀਸ਼ਵਰ ਸਿੰਘ ਦੇ ਬੈਂਚ ਨੇ ਮਹਾਰਾਸ਼ਟਰ ਦੇ ਗੜ੍ਹਚਿਰੌਲੀ ਦੇ ਇੱਕ ਨਕਸਲੀ ਹਮਦਰਦ ਦੀ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਕੀਤੀ ਜਿਸ ਵਿਚ ਪੁਲੀਸ ਟੀਮ ਦੇ 15 ਮੁਲਾਜ਼ਮ ਧਮਾਕੇ ਵਿੱਚ ਮਾਰੇ ਗਏ ਸਨ



ਤੇ ਇਸ ਵਿਅਕਤੀ 'ਤੇ ਮਾਮਲਾ ਦਰਜ ਕੀਤਾ ਗਿਆ ਸੀ। ਅਦਾਲਤ ਨੇ ਕਿਹਾ ਕਿ ਜਦੋਂ ਵਿਸ਼ੇਸ਼ ਕਾਨੂੰਨਾਂ ਤਹਿਤ ਮੁਕੱਦਮੇ ਹੋਣੇ ਹਨ ਤਾਂ ਸੰਘ ਜਾਂ ਰਾਜਾਂ ਲਈ ਇਹ ਲਾਜ਼ਮੀ ਬਣ ਜਾਂਦਾ ਹੈ

## ਭਾਰਤ ਅਤੇ ਪਾਕਿਸਤਾਨ ਦੇ ਮਿਲਟਰੀ ਅਪਰੇਸ਼ਨ ਦੇ ਮੁਖੀਆਂ ਵੱਲੋਂ ਫ਼ੋਨ 'ਤੇ ਗੱਲਬਾਤ

ਨਵੀਂ ਦਿੱਲੀ, ਲੋਕ ਬਾਣੀ: ਭਾਰਤ ਅਤੇ ਪਾਕਿਸਤਾਨ ਦੇ ਫੌਜੀ ਕਾਰਵਾਈਆਂ ਦੇ ਮੁਖੀਆਂ ਨੇ ਅੱਜ ਸ਼ਾਮ ਵੇਲੇ ਫੋਨ 'ਤੇ ਗੱਲਬਾਤ ਕੀਤੀ। ਇਹ ਜਾਣਕਾਰੀ ਸੀਐੱਨਐੱਨ-ਨਿਊਜ਼ 18 ਨੇ ਦਿੰਦਿਆਂ ਕਿਹਾ ਕਿ ਪਰਮਾਣੂ ਹਥਿਆਰਾਂ ਨਾਲ ਲੈਸ ਦੋਵੇਂ ਦੇਸ਼ਾਂ ਨੇ ਕੁਝ ਦਿਨਾਂ ਦੇ ਤਣਾਅ ਤੋਂ ਬਾਅਦ ਜੰਗਬੰਦੀ ਦਾ ਸਮਝੌਤਾ ਕੀਤਾ ਸੀ ਤੇ ਦੋਵਾਂ ਮੁਖੀਆਂ ਨੇ ਅੱਜ ਸ਼ਾਮ ਗੱਲਬਾਤ ਕੀਤੀ। ਇਸ ਤੋਂ ਪਹਿਲਾਂ ਦੋਵਾਂ ਦੇਸ਼ਾਂ ਨੇ ਇਸ ਦੌਰਾਨ ਇਕ ਦੂਜੇ ਦੇ ਖੇਤਰਾਂ ਵਿਚ




ਮਿਜ਼ਾਈਲਾਂ ਤੇ ਡਰੋਨਾਂ ਨਾਲ ਹਮਲੇ ਕੀਤੇ ਸਨ। ਇਹ ਹਮਲਾ ਭਾਰਤ ਦੇ ਕਸ਼ਮੀਰ ਵਿੱਚ ਸੈਲਾਨੀਆਂ ਤੇ ਆਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਤੋਂ ਬਾਅਦ ਭਾਰਤ ਨੇ ਕੀਤਾ ਸੀ।

## ਅੰਮ੍ਰਿਤਸਰ ਚ ਬਲੈਕਆਊਟ- ਕੱਲ੍ਹ ਵਿਦਿਅਕ ਅਦਾਰੇ ਰਹਿਣਗੇ ਬੰਦ

ਚੰਡੀਗੜ੍ਹ, ਲੋਕ ਬਾਣੀ - ਅੰਮ੍ਰਿਤਸਰ ਵਿੱਚ ਬਲੈਕਆਊਟ ਫਿਰ ਕਰ ਦਿੱਤਾ ਗਿਆ ਹੈ। ਡੀਸੀ ਅੰਮ੍ਰਿਤਸਰ ਨੇ ਲੋਕਾਂ ਨੂੰ ਹੁਕਮ ਜਾਰੀ ਕਰਦਿਆਂ ਹੋਇਆ ਕਿਹਾ ਕਿ, ਤੁਹਾਨੂੰ ਸਾਇਰਨ ਸੁਣਾਈ ਦੇਵੇਗਾ। ਅਸੀਂ ਚੌਕਸ ਹਾਂ ਅਤੇ ਬਲੈਕਆਊਟ ਸ਼ੁਰੂ ਕਰ ਰਹੇ ਹਾਂ। ਕਿਰਪਾ ਕਰਕੇ ਆਪਣੀਆਂ ਲਾਈਟਾਂ ਬੰਦ ਕਰੋ ਅਤੇ ਆਪਣੀਆਂ ਖਿੜਕੀਆਂ ਤੋਂ ਦੂਰ ਚਲੇ ਜਾਓ। ਸ਼ਾਂਤ ਰਹੋ, ਜਦੋਂ




ਬਿਜਲੀ ਸਪਲਾਈ ਬਹਾਲ ਕਰਨ ਲਈ ਤਿਆਰ ਹੋਵਾਂਗੇ ਤਾਂ ਅਸੀਂ ਤੁਹਾਨੂੰ ਸੂਚਿਤ ਕਰਾਂਗੇ। ਬਿਲਕੁਲ ਵੀ ਘਬਰਾਓ ਨਾ। ਇਹ ਬਹੁਤ ਸਾਵਧਾਨੀ ਵਜੋਂ ਹੈ।

## ਗੁੜਗਾਉਂ ਤੇ ਪਟੌਦੀ 'ਚ ਸਿੱਖ ਕਤਲੇਆਮ ਸਬੰਧੀ High Court 'ਚ ਅਗਲੀ ਸੁਣਵਾਈ 5 ਅਗਸਤ ਨੂੰ

ਨਿਹਾਲ ਸਿੰਘ ਵਾਲਾ, ਲੋਕ ਬਾਣੀ -10 ਮਈਹਰਿਆਣੇ ਦੇ ਸ਼ਹਿਰ ਗੁੜਗਾਉਂ (ਗੁਰੂਗ੍ਰਾਮ) ਤੇ ਪਟੌਦੀ ਵਿਖੇ ਵਹਿਸ਼ੀਆਨਾ ਭੀੜ ਵੱਲੋਂ 297 ਘਰਾਂ ਨੂੰ ਅੱਗ ਲਗਾ ਕੇ ਸਾੜਨ ਤੇ 47 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਅਗਲੀ ਸੁਣਵਾਈ 5 ਅਗਸਤ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ (Punjab and Haryana High Court) ਵਿਖੇ ਹੋਵੇਗੀ।

ਪ੍ਰਧਾਨ ਦਰਸ਼ਨ ਸਿੰਘ ਘੋਲੀਆ

ਗ਼ੌਰਤਲਬ ਹੈ ਕਿ ਹੋਂਦ ਚਿੱਲੜ ਵਿਚ 32 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਲੜਾਈ



ਦੇ ਨਾਲ-ਨਾਲ ਹੁਣ ਗੁੜਗਾਉਂ ਅਤੇ ਪਟੌਦੀ 'ਚ ਹੋਏ 47 ਸਿੱਖਾਂ ਦੇ ਕਤਲੇਆਮ ਤੇ ਹੋਰ ਪੀੜਤਾਂ ਦੇ ਮਾਮਲਿਆਂ ਵਿਚ ਨਿਆਂ ਤੇ ਇਨਸਾਫ਼ ਦਿਵਾਉਣ ਲਈ ਵੀ ਕਾਨੂੰਨੀ ਚਾਰਾਜੋਈ ਜਾਰੀ ਹੈ।

## ਪਾਕਿਸਤਾਨ ਵਾਲੇ ਪਾਸਿਓਂ ਅਟਾਰੀ ਸਰਹੱਦ ਦੇ ਉੱਪਰ ਦੀ ਭਾਰਤ ਅੰਦਰ ਦਾਖ਼ਲ ਹੋਏ ਕਾਫੀ ਡਰੋਨ

ਅਟਾਰੀ, ਲੋਕ ਬਾਣੀ- ਭਾਰਤ ਵਲੋਂ ਪਾਕਿਸਤਾਨ ਖ਼ਿਲਾਫ਼ ਚਲਾਏ ਜਾ ਰਹੇ ਆਪ੍ਰੇਸ਼ਨ ਸੰਧੂਰ ਜੋ ਕਿ ਭਾਰਤੀ ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰੇ ਜਾਣ ਤੋਂ ਬਾਅਦ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਪਾਕਿਸਤਾਨ ਵਿਚ ਬੈਠੇ ਅੱਤਵਾਦੀਆਂ ਦੇ ਸਫਾਈ ਲਈ ਇਹ ਮਿਸ਼ਨ ਸ਼ੁਰੂ ਕੀਤਾ ਸੀ ਤੇ ਦੋਵੇਂ ਦੇਸ਼ਾਂ ਦਰਮਿਆਨ ਜੰਗ ਦੇ ਵਾਧੇ ਅਸਾਰ ਨੂੰ ਵੇਖਦੇ ਹਾਂ ਅਮਰੀਕੀ ਰਾਸ਼ਟਰਪਤੀ ਵਲੋਂ ਇਸ ਦੀ ਵਿਚੋਲਗੀ



ਕਰਦਿਆਂ ਬੀਤੇ ਕੱਲ੍ਹ ਜੰਗ ਨੂੰ ਦੋਵੇਂ ਦੇਸ਼ਾਂ ਦਰਮਿਆਨ ਬੰਦ ਕਰਵਾਉਣ ਦਾ ਫ਼ੈਸਲਾ ਕਰਵਾਇਆ ਸੀ। ਸਰਕਾਰੀ ਸੂਤਰਾਂ ਅਨੁਸਾਰ ਕਈਆਂ ਡਰੋਨਾਂ ਦੀਆਂ ਲਾਈਟਾਂ ਦੇਖੀਆਂ ਗਈਆਂ

## ਪਿੰਡ ਲੱਖਣ ਕਲਾਂ (ਕਪੂਰਥਲਾ) ਨੇੜੇ ਜ਼ਬਰਦਸਤ ਧਮਾਕੇ ਤੋਂ ਬਾਅਦ ਲੋਕ ਘਰਾਂ ਤੋਂ ਬਾਹਰ ਨਿਕਲੇ

ਕਪੂਰਥਲਾ ਲੋਕ ਬਾਣੀ-- ਸੋਮਵਾਰ ਰਾਤ 9:15 ਵਜੇ ਦੇ ਕਰੀਬ ਪਿੰਡ ਲੱਖਣ ਕਲਾਂ ਨੇੜੇ ਜ਼ੋਰਦਾਰ ਹੋਏ ਧਮਾਕੇ ਤੋਂ ਬਾਅਦ ਪਿੰਡ ਦੇ ਲੋਕ ਘਰਾਂ ਵਿਚੋਂ ਬਾਹਰ ਆ ਗਏ ਅਤੇ ਇਹਤਿਆਤ ਦੇ ਤੌਰ ਤੇ ਪਿੰਡ ਵਿਚ ਬਲੈਕ ਆਊਟ ਕਰ ਦਿੱਤਾ ਗਿਆ। ਪਿੰਡ ਦੇ ਲੋਕਾਂ ਨੇ ਦੱਸਿਆ ਕਿ ਰਾਤ ਸਮੇਂ ਅਚਾਨਕ ਇਕ ਜ਼ੋਰਦਾਰ ਧਮਾਕੇ ਦੀ ਆਵਾਜ਼ ਸੁਣਾਈ ਦਿੱਤੀ ਜਿਸ




ਕਾਰਨ ਪਿੰਡ ਦੇ ਲੋਕ ਸਹਿਮ ਗਏ ਅਤੇ ਘਰਾਂ ਵਿਚੋਂ ਬਾਹਰ ਨਿਕਲ ਕੇ ਆ ਗਏ। ਜਿਸ ਉਪਰੰਤ ਪਿੰਡ ਦੇ ਲੋਕਾਂ ਨੇ ਲਾਈਟਾਂ ਬੰਦ ਕਰ ਦਿੱਤੀਆਂ।

263 VISA
ਫਰਵਰੀ 2025
ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ
ਤੋਂ ਪਹਿਲਾਂ ਲੱਗੇ
ਹੋਏ ਵੀਜ਼ਾ ਜਰੂਰ
ਚੈਕ ਕਰੋ ਫਿਰ
ਅਪਲਾਈ ਕਰੋ



# ਲੋਕ ਰੰਗ

Email:- lokbani08@gmail.com

ਲੋਕ ਬਾਣੀ
ਰੋਜ਼ਾਨਾ ਲੋਕ ਬਾਣੀ
www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

# ਗਰਮੀਆਂ ਦੀ ਗਰਮੀ ਵਿੱਚ ਹੌਲੀ ਪਾਚਨ ਕਿਰਿਆ

ਵਿਜੈ ਗਰਗ

ਜਿਵੇਂ-ਜਿਵੇਂ ਗਰਮੀ ਵਧਦੀ ਹੈ, ਲੋਕ ਅਕਸਰ ਆਪਣੀ ਪਾਚਨ ਸ਼ਕਤੀ ਕਮਜ਼ੋਰ ਹੋਣ ਦੀ ਸ਼ਿਕਾਇਤ ਕਰਦੇ ਹਨ। ਪੇਟ ਦੀ ਅੱਗ ਦੇ ਹੌਲੀ ਹੋਣ ਦਾ ਮਤਲਬ ਹੈ ਕਿ ਭੋਜਨ ਸਹੀ ਢੰਗ ਨਾਲ ਪਚਦਾ ਨਹੀਂ ਹੈ। ਬਦਹਜ਼ਮੀ ਬਣੀ ਰਹਿੰਦੀ ਹੈ। ਇਸ ਤਰ੍ਹਾਂ, ਸਰੀਰ ਸੁਸਤ ਮਹਿਸੂਸ ਕਰਦਾ ਹੈ ਅਤੇ ਊਰਜਾ ਦੀ ਘਾਟ ਹੁੰਦੀ ਹੈ। ਜ਼ਾਹਿਰ ਹੈ, ਇਸ ਨਾਲ ਰੋਜ਼ਾਨਾ ਦੇ ਕੰਮ ਤੇ ਵੀ ਅਸਰ ਪੈਂਦਾ ਹੈ। ਇਸ ਲਈ, ਇਸ ਮੌਸਮ ਵਿੱਚ ਹਲਕਾ ਭੋਜਨ ਖਾਣ ਅਤੇ ਜ਼ਿਆਦਾ ਤਰਲ ਪਦਾਰਥਾਂ ਦਾ ਸੇਵਨ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਪਰ ਪੇਟ ਦੀ ਅੱਗ ਨੂੰ ਘੱਟ ਕਰਨਾ ਸਿਰਫ਼ ਖਾਣ-ਪੀਣ ਦੀਆਂ ਆਦਤਾਂ ਨਾਲ ਸਬੰਧਤ ਨਹੀਂ ਹੈ। ਇੱਕ ਵਾਰ ਜਦੋਂ ਪਾਚਨ ਪ੍ਰਣਾਲੀ ਕਮਜ਼ੋਰ ਹੋਣ ਲੱਗਦੀ ਹੈ, ਤਾਂ ਇਸਦੇ ਲੰਬੇ ਸਮੇਂ ਦੇ ਪ੍ਰਭਾਵ ਪੈਂਦੇ ਹਨ। ਮੌਸਮ ਬਦਲਣ ਤੋਂ ਬਾਅਦ ਵੀ ਇਹ ਸਹੀ ਢੰਗ ਨਾਲ ਕੰਮ ਨਹੀਂ ਕਰ ਪਾ ਰਿਹਾ। ਅਜਿਹੀ ਸਥਿਤੀ ਵਿੱਚ, ਖ਼ੁਰਾਕ ਸੰਬੰਧੀ ਸਾਵਧਾਨੀਆਂ ਵਰਤਣ ਦੇ ਨਾਲ-ਨਾਲ ਕੁਝ ਕਸਰਤ ਵੀ ਕਰਨੀ ਚਾਹੀਦੀ ਹੈ। ਅੱਗ-ਸਾਹ ਲੈਣ ਦੀਆਂ ਕਸਰਤਾਂ ਜਠਰਾਗਨੀ ਦਾ ਅਰਥ ਹੈ ਪੇਟ ਵਿੱਚ ਅੱਗ। ਉਹ ਅੱਗ ਜੋ ਭੋਜਨ ਨੂੰ ਹਜ਼ਮ ਕਰਨ ਲਈ ਜ਼ਰੂਰੀ ਹੈ। ਜੇਕਰ ਉਹੀ ਅੱਗ ਪੇਟ ਵਿੱਚ ਕਮਜ਼ੋਰ ਹੋ ਜਾਵੇ, ਤਾਂ ਭੋਜਨ ਠੀਕ ਤਰ੍ਹਾਂ ਪਚਦਾ ਨਹੀਂ ਅਤੇ ਸੜਦਾ ਰਹਿੰਦਾ ਹੈ। ਇਸ ਨਾਲ ਜ਼ਹਿਰੀਲੇ ਰਸਾਇਣ ਪੈਦਾ ਹੁੰਦੇ ਹਨ, ਐਸਿਡਿਟੀ ਦੀ ਸਮੱਸਿਆ ਹੋਰ ਡੂੰਘੀ ਹੋ ਜਾਂਦੀ ਹੈ ਅਤੇ ਕਈ ਬਿਮਾਰੀਆਂ ਨੂੰ ਜਨਮ ਦਿੰਦੀ ਹੈ। ਅਗਨੀਸਾਰ ਕਸਰਤ ਪੇਟ ਦੀ ਅੱਗ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਤ ਹੁੰਦੀ ਹੈ। ਸਵੇਰੇ ਖਾਲੀ ਪੇਟ ਵਜਰਾਸਨ ਵਿੱਚ ਬੈਠੋ। ਦੋਵੇਂ ਲੱਤਾਂ ਮੋੜੋ ਅਤੇ ਉਨ੍ਹਾਂ ਨੂੰ ਪਿੱਛੇ ਲੈ ਜਾਓ। ਆਪਣੀਆਂ ਹਥੇਲੀਆਂ ਨੂੰ ਆਪਣੇ ਗੋਡਿਆਂ ਤੇ ਰੱਖੋ ਅਤੇ ਹਲਕਾ ਜਿਹਾ ਦਬਾਅ ਪਾਓ। ਆਪਣਾ ਪੇਟ ਢਿੱਲਾ ਰੱਖੋ। ਸਾਹ ਰੋਕੋ। ਆਪਣਾ ਢਿੱਡ ਹਿਲਾਓ। ਜਿੰਨਾ ਚਿਰ ਹੋ ਸਕੇ ਆਪਣੇ ਪੇਟ ਨੂੰ ਹਿਲਾਓ ਅਤੇ ਸਾਹ ਰੋਕ ਕੇ ਰੱਖੋ। ਇਸ ਕਸਰਤ ਨੂੰ ਪੰਜ ਤੋਂ ਸੱਤ ਵਾਰ ਕਰੋ। ਇਸ ਤਰ੍ਹਾਂ ਪੇਟ ਦੀ ਅੱਗ ਵਧ ਜਾਂਦੀ ਹੈ। ਤੁਹਾਨੂੰ ਭੁੱਖ ਲੱਗਣ ਲੱਗਦੀ ਹੈ ਅਤੇ ਭੋਜਨ ਪਚਣਾ ਸ਼ੁਰੂ ਹੋ ਜਾਂਦਾ ਹੈ। ਹਲਕਾ ਅਤੇ ਆਸਾਨੀ ਨਾਲ ਪਚਣ ਵਾਲਾ ਭੋਜਨ ਗਰਮੀਆਂ ਦੇ ਮੌਸਮ ਵਿੱਚ, ਪੇਟ ਦੀ ਅੱਗ ਕੁਦਰਤੀ ਤੌਰ ਤੇ ਸੁਸਤ ਹੋ ਜਾਂਦੀ ਹੈ। ਇਸੇ ਕਰਕੇ ਤਲੇ ਹੋਏ ਅਤੇ ਮਸਾਲੇਦਾਰ ਭੋਜਨ ਨੂੰ ਹਜ਼ਮ ਕਰਨ ਵਿੱਚ ਮੁਸ਼ਕਲ ਆਉਂਦੀ ਹੈ। ਇਸ ਲਈ, ਅਜਿਹੇ ਪਕਵਾਨਾਂ ਤੋਂ ਬਚਣਾ ਹੀ ਬਿਹਤਰ ਹੈ। ਹਮੇਸ਼ਾ ਅਜਿਹੇ ਪਕਵਾਨ ਚੁਣੋ ਜੋ ਪਚਣ ਵਿੱਚ ਆਸਾਨ ਹੋਣ ਅਤੇ ਉਨ੍ਹਾਂ ਨੂੰ ਖਾਣ ਨਾਲ ਤੁਹਾਨੂੰ ਭਰਪੂਰ ਊਰਜਾ ਵੀ ਮਿਲਦੀ ਹੈ। ਪੁੰਗਰੇ ਹੋਏ ਦਾਲਾਂ ਅਤੇ ਅਨਾਜਾਂ ਨੂੰ ਭਾਫ਼ ਲੈ ਕੇ ਖਾਣਾ ਬਿਹਤਰ ਹੁੰਦਾ ਹੈ। ਇਸ ਮੌਸਮ ਵਿੱਚ ਦਲੀਆ (ਦਲੀਆ), ਖਿਚੜੀ, ਉਬਲੀਆਂ ਸਬਜ਼ੀਆਂ, ਇਡਲੀ, ਆਦਿ ਵਰਗੇ ਭੁੰਨੇ ਹੋਏ ਭੋਜਨ ਵਧੇਰੇ ਪਚਣਯੋਗ ਅਤੇ ਊਰਜਾ ਨਾਲ ਭਰਪੂਰ ਹੋ ਸਕਦੇ ਹਨ। ਤਰਲ ਪਦਾਰਥ ਪੀਓ: ਬਹੁਤ ਜ਼ਿਆਦਾ ਗਰਮੀ ਅਤੇ ਗਰਮ ਹਵਾ ਦੇ ਕਾਰਨ, ਸਰੀਰ ਦਾ ਪਾਣੀ ਜਲਦੀ ਸੁੱਕ ਜਾਂਦਾ ਹੈ। ਸਰੀਰ ਵਿੱਚ ਪਾਣੀ, ਨਮਕ ਅਤੇ ਖੰਡ ਦੀ ਸੰਤੁਲਿਤ ਮਾਤਰਾ ਹੋਣਾ ਬਹੁਤ ਜ਼ਰੂਰੀ ਹੈ। ਇਸ ਲਈ, ਇਸ ਮੌਸਮ ਵਿੱਚ ਤਰਲ ਪਦਾਰਥਾਂ ਦਾ ਸੇਵਨ ਕਰਨਾ ਵਧੇਰੇ ਉਚਿਤ ਹੈ। ਫਲਾਂ ਦਾ ਰਸ, ਤਰਬੂਜ, ਖਰਬੂਜਾ, ਖੀਰਾ ਇਸ ਵਿੱਚ ਵਧੇਰੇ ਮਦਦਗਾਰ ਹੁੰਦੇ ਹਨ। ਇਸ ਤੋਂ ਇਲਾਵਾ, ਛਾਛ, ਸੱਤੂ ਲੱਸੀ, ਦਲੀਆ - ਛਾਛ, ਸੌਂਫ ਦਾ ਸ਼ਰਬਤ ਸਰੀਰ ਨੂੰ ਡੀਹਾਈਡਰੇਸ਼ਨ ਤੋਂ ਬਚਾਉਂਦਾ ਹੈ ਅਤੇ ਇਸਨੂੰ ਊਰਜਾ ਨਾਲ ਭਰਪੂਰ ਰੱਖਦਾ ਹੈ। ਜਦੋਂ ਵੀ ਤੁਸੀਂ ਬਾਹਰ ਜਾਓ ਅਤੇ ਲੰਬੇ ਸਮੇਂ ਲਈ ਘਰ ਤੋਂ ਬਾਹਰ ਰਹਿਣਾ ਪਵੇ, ਤਾਂ ਹਮੇਸ਼ਾ ਆਪਣੇ ਬੈਗ ਵਿੱਚ ਪਾਣੀ ਦੀ ਬੋਤਲ ਰੱਖੋ। ਜੇ ਸੰਭਵ ਹੋਵੇ, ਤਾਂ ਪਾਣੀ ਵਿੱਚ ਕੁਝ ਕੱਟੇ ਹੋਏ ਖੀਰੇ ਦੇ ਟੁਕੜੇ, ਕੁਝ ਪੁਦੀਨੇ ਦੇ ਪੱਤੇ ਅਤੇ ਇੱਕ ਚੁਟਕੀ ਨਮਕ ਪਾਓ। ਇਸ ਨਾਲ ਸਰੀਰ ਨੂੰ ਬਹੁਤ ਰਾਹਤ ਮਿਲਦੀ ਹੈ ਅਤੇ ਪਾਚਨ ਤੰਤਰ ਨੂੰ ਹੌਲੀ ਹੋਣ ਤੋਂ ਵੀ ਰੋਕਿਆ ਜਾਂਦਾ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

## (*ਭਲੀ ਹੋਈ ਤੋਪਾਂ ਨੇ ਮੂੰਹ ਮੋੜੇ*)

ਭਲੀ ਹੋਈ ਤੋਪਾਂ ਨੇ ਮੂੰਹ ਮੋੜੇ,
ਜੋ ਗੱਜਣੀਆਂ ਸੀ ਵਿੱਚ ਅਸਮਾਨ ਪੱਤੋ।
ਸਹਿ ਗਏ ਡਰੋਨ ਆਪਣੇ ਟਿਕਾਣਿਆਂ ਤੇ,
ਜੋ ਮਚਾਈ ਜਾਂਦੇ ਸੀ ਘਸਮਾਣ ਪੱਤੋ।
ਸਾਹ ਸੁੱਖ ਦਾ ਆਇਆ ਸਾਰਿਆਂ ਨੂੰ,
ਜਦ ਹੋਇਆ ਅਮਨ ਅਮਾਨ ਪੱਤੋ।
ਜੀਵਨ ਪਹਿਲਾਂ ਵਰਗਾ ਹੋ ਚੱਲਿਆ,
ਲੋਕ ਲੱਗੇ ਕੰਮੀਂ ਜਾਣ ਪੱਤੋ।
ਉੱਡੇ ਪੰਛੀ ਆਪਣੇ ਆਲ੍ਹਣਿਆਂ ਚੋਂ,
ਲੱਗੀਆਂ ਰੌਣਕਾਂ ਰੁੱਖੀਂ ਆਣ ਪੱਤੋ।
ਚੰਗਾਂ ਹੋਇਆ ਭਲੇ ਵੇਲੇ ਮੱਤ ਆਈ,
ਬਹੁਤਾ ਹੋਇਆ ਨੀਂ ਨੁਕਸਾਨ ਪੱਤੋ।
ਬੰਦ ਹੋ ਗਏ ਸੀ ਬੱਲਬ ਚੁਬਾਰਿਆਂ ਦੇ,
ਬਲੈਕ ਆਊਟ ਦਾ ਨਾਂ, ਸੁੰਨਸਾਨ ਪੱਤੋ।
ਵੱਸਣ ਇੱਧਰ ਭਾਈ ਤੇ ਉੱਧਰ ਭਾਈ,
ਵਸੇ ਇੱਕ ਦੂਜੇ ਦੇ ਵਿੱਚ ਜਾਨ ਪੱਤੋ।

ਹਰਪ੍ਰੀਤ ਪੱਤੋ ਪਿੰਡ ਪੱਤੋ ਹੀਰਾ ਸਿੰਘ ਮੋਗਾ

# ਮੈਂ ਕਿਵੇਂ ਪੜ੍ਹਾਂ ?

ਵਿਜੇ ਗਰਗ

ਸਾਰੇ ਘਰ ਵਿੱਚ ਮੌਤ ਵਰਗੀ ਚੁੱਪ ਛਾ ਗਈ। ਮਾਂ ਦੇ ਕਮਰੇ ਦੇ ਬਾਹਰ, ਉਦਾਸ ਦਾਈ ਆਪਣਾ ਸਿਰ ਹੱਥਾਂ ਵਿੱਚ ਲੈ ਕੇ ਬੈਠੀ ਹੈ। ਪਿੰਡ ਦੀਆਂ ਔਰਤਾਂ ਮਾਂ ਦੇ ਕੋਲ ਚੁੱਪ-ਚਾਪ ਬੈਠੀਆਂ ਹਨ ਜੋ ਰੋਂਦੇ-ਰੋਂਦੇ ਥੱਕ ਚੁੱਕੀ ਹੈ। ਇਹ ਪਹਿਲੀ ਵਾਰ ਸੀ ਜਦੋਂ ਉਸਨੇ ਆਪਣੇ ਪਿਤਾ ਨੂੰ ਚਿੱਟੇ ਕੱਪੜੇ ਵਿੱਚ ਲਪੇਟੀ ਹੋਈ ਗੁੱਡੀ ਦੀ ਲਾਸ਼ ਨੂੰ ਹੱਥਾਂ ਵਿੱਚ ਫੜ ਕੇ ਰੋਂਦੇ ਹੋਏ ਦੇਖਿਆ... ਸ਼ੁਚੀ! ਅਧਿਆਪਕਾ ਦੀ ਤਿੱਖੀ ਆਵਾਜ਼ ਨੇ ਉਸਦੇ ਮਨ ਵਿੱਚ ਚੱਲ ਰਹੀਆਂ ਘਟਨਾਵਾਂ ਦੀ ਰੀਲ ਨੂੰ ਕੱਟ ਦਿੱਤਾ ਅਤੇ ਉਹ ਕਾਹਲੀ ਨਾਲ ਉੱਠ ਖੜ੍ਹੀ ਹੋ ਗਈ। ਤੁਹਾਡਾ ਧਿਆਨ ਕਿੱਥੇ ਹੈ ? ਮੈਂ ਕੀ ਸਿਖਾ ਰਿਹਾ ਸੀ... ਦੱਸੋ ? ਉਹ ਘਬਰਾ ਗਈ। ਪੂਰੀ ਕਲਾਸ ਵਿੱਚ ਸਾਰੇ ਉਸ ਵੱਲ ਦੇਖ ਰਹੇ ਸਨ। ਬੋਲੋ! ਅਧਿਆਪਕ ਉਸਦੇ ਬਹੁਤ ਨੇੜੇ ਆ ਗਿਆ। ਰੱਬ ਨੇ ਬੱਚਾ ਵਾਪਸ ਲੈ ਲਿਆ...: ਡਰ ਕਾਰਨ ਉਸਦੇ ਮੂੰਹੋਂ ਇਹੀ ਨਿਕਲ ਸਕਿਆ। ਕੁਝ ਬੱਚੇ ਉੱਚੀ-ਉੱਚੀ ਹੱਸਣ ਲੱਗ ਪਏ। ਅਧਿਆਪਕ ਦਾ ਗੁੱਸਾ ਸੱਤਵੇਂ ਅਸਮਾਨ ਤੇ ਪਹੁੰਚ ਗਿਆ। ਬੈਂਚ ਤੇ ਖੜ੍ਹੇ ਹੋ ਜਾਓ! ਉਹ ਚੁੱਪਚਾਪ ਬੈਂਚ ਤੇ ਖੜ੍ਹੀ ਰਹੀ। ਉਸਨੇ ਸੋਚਿਆ... ਉਹ ਸਾਰੇ ਕਿਉਂ ਹੱਸ ਰਹੇ ਹਨ, ਉਸਦੇ ਮਾਪੇ ਰੋ ਪਏ ਸਨ, ਦੁੱਧ ਵਾਲਾ ਅਤੇ ਰਿਕਸ਼ਾ ਵਾਲਾ ਵੀ ਬੱਚੇ ਬਾਰੇ ਸੁਣ ਕੇ ਉਦਾਸ ਹੋ ਗਏ ਸਨ ਅਤੇ ਉਸ ਨਾਲ ਵਾਧੂ ਪਿਆਰ ਨਾਲ ਪੇਸ਼ ਆਏ ਸਨ। ਉਹ ਬਲੈਕਬੋਰਡ ਵੱਲ ਘੂਰ ਰਹੀ ਸੀ, ਜਿੱਥੇ ਉਸਨੂੰ ਇੱਕ ਪਿਆਰਾ ਜਿਹਾ ਬੱਚਾ ਆਪਣੀ ਮਾਂ ਦੇ ਕੋਲ ਪਿਆ ਦਿਖਾਈ ਦੇ ਰਿਹਾ ਸੀ। ਹੱਸਦੇ ਹੋਏ, ਪਿਤਾ ਜੀ ਨੇ ਗੁੱਡੀ ਨੂੰ ਉਸਦੀਆਂ ਨਿੱਕੀਆਂ ਬਾਹਾਂ ਵਿੱਚ ਫੜਾ ਦਿੱਤਾ। ਉਹ ਕਿੰਨੀ ਖੁਸ਼ ਸੀ! ਦੋ ਅਤੇ ਪੰਜ - ਇਹ ਕੀ ਹੈ ? ਅਧਿਆਪਕ ਬੱਚਿਆਂ ਨੂੰ ਪੁੱਛ ਰਿਹਾ ਸੀ। ਸ਼ੁਚੀ ਨੂੰ ਟੀਚਰ ਦੀਦੀ ਤੋਂ ਪੁੱਛਣ ਨੂੰ ਜੀਅ ਕਰਦਾ ਕਿ ਜੇ ਰੱਬ ਨੂੰ ਗੁੱਡੀ ਵਾਪਸ ਲੈਣੀ ਹੀ ਪਈ ਤਾਂ ਉਸਨੇ ਉਸਨੂੰ ਕਿਉਂ ਦਿੱਤੀ ? ਉਸਦੀਆਂ ਅੱਖਾਂ ਨਮ ਹੋ ਗਈਆਂ। ਚਿੱਟੇ ਕੱਪੜੇ ਵਿੱਚ ਲਪੇਟੀ ਹੋਈ ਗੁੱਡੀ ਦੀ ਲਾਸ਼ ਉਸਦੀਆਂ ਅੱਖਾਂ ਸਾਹਮਣੇ ਤੈਰ ਰਹੀ ਸੀ। ਇਸ ਵਾਰ ਅਧਿਆਪਕ ਉਸਨੂੰ ਪੁੱਛ ਰਿਹਾ ਸੀ। ਉਸਨੇ ਬਲੈਕਬੋਰਡ ਵੱਲ ਧਿਆਨ ਨਾਲ ਦੇਖਿਆ। ਉਸਨੂੰ ਲੱਗਾ ਜਿਵੇਂ ਬਲੈਕਬੋਰਡ ਵੀ ਗੁੱਡੀ ਦੇ ਸਰੀਰ ਦੁਆਲੇ ਲਪੇਟੇ ਹੋਏ ਕੱਪੜੇ ਵਾਂਗ ਚਿੱਟਾ ਹੋ ਗਿਆ ਹੋਵੇ। ਉਸਨੂੰ ਅਧਿਆਪਕਾ ਦੀਦੀ ਤੇ ਗੁੱਸਾ ਆਇਆ। ਉਹ ਚਿੱਟੇ ਬੋਰਡ ਤੇ ਚਿੱਟੇ ਚਾਕ ਨਾਲ ਲਿਖਿਆ ਕਿਵੇਂ ਪੜ੍ਹ ਸਕਦਾ ਹੈ ?

ਵਿਜੇ ਗਰਗ ਸੇਵਾਮੁਕਤ ਪ੍ਰਿੰਸੀਪਲ ਮਲੋਟ ਪੰਜਾਬ

# ਭਾਰਤ-ਪਾਕਿ ਵਿਚਾਲੇ ਯੁੱਧ ਖਤਮ, 12 ਮਈ ਨੂੰ ਫਿਰ ਗੱਲਬਾਤ ਕਰਨਗੇ ਦੋਵੇਂ ਮੁਲਕ



ਹੁਣ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਹੈ। ਇਹ ਜਾਣਕਾਰੀ ਦਿੰਦੇ ਹੋਏ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਦੁਪਹਿਰ 3.35 ਵਜੇ ਦੋਵਾਂ ਦੇਸ਼ਾਂ ਦੇ 47$® ਵਿਚਕਾਰ ਗੱਲਬਾਤ ਹੋਈ। ਇਸ ਦੇ ਨਾਲ ਹੀ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਦਾ ਐਲਾਨ ਕਰ ਦਿੱਤਾ ਗਿਆ ਹੈ। ਮਿਸਰੀ ਨੇ ਕਿਹਾ ਕਿ 12 ਮਈ ਨੂੰ ਦੋਵਾਂ ਦੇਸ਼ਾਂ ਦੇ ਅਧਿਕਾਰੀ ਅੱਗੇ ਦੀ ਰਣਨੀਤੀ 'ਤੇ ਚਰਚਾ ਕਰਨਗੇ।

ਤੁਰੰਤ ਪ੍ਰਭਾਵ ਨਾਲ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ

ਗੱਲਬਾਤ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਚੱਲ ਰਹੇ ਟਕਰਾਅ ਨੂੰ ਤੁਰੰਤ ਪ੍ਰਭਾਵ ਨਾਲ ਰੋਕ ਦਿੱਤਾ ਗਿਆ ਹੈ। ਵਿਦੇਸ਼ ਮੰਤਰਾਲੇ ਨੇ ਇਹ ਵੀ ਕਿਹਾ ਕਿ ਸ਼ਨੀਵਾਰ ਸ਼ਾਮ 5 ਵਜੇ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਕਿਸੇ ਵੀ ਤਰ੍ਹਾਂ ਦੀ ਲੜਾਈ ਨਹੀਂ ਹੋਵੇਗੀ।

ਇਸ ਦੌਰਾਨ ਭਾਰਤੀ ਵਿਦੇਸ਼ ਮੰਤਰੀ ਐਸ ਜੈਸ਼ੰਕਰ ਦਾ ਬਿਆਨ ਵੀ ਸਾਹਮਣੇ ਆਇਆ ਹੈ। ਭਾਰਤੀ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਅੱਜ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ ਹੋਏ ਹਨ। ਭਾਰਤ ਨੇ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਵਿਰੁੱਧ ਲਗਾਤਾਰ ਦ੍ਰਿੜ ਅਤੇ ਅਟੱਲ ਸਟੈਂਡ ਬਣਾਈ ਰੱਖਿਆ ਹੈ। ਉਹ ਅਜਿਹਾ ਕਰਦਾ ਰਹੇਗਾ।

ਅਮਰੀਕੀ ਰਾਸ਼ਟਰਪਤੀ ਨੇ ਕੀਤੀ ਪਹਿਲ

ਤੁਹਾਨੂੰ ਦੱਸ ਦੇਈਏ ਕਿ ਭਾਰਤ ਅਤੇ ਪਾਕਿਸਤਾਨ ਅਮਰੀਕਾ ਦੀ ਵਿਚੋਲਗੀ ਹੇਠ ਲੰਬੀ ਗੱਲਬਾਤ ਤੋਂ ਬਾਅਦ ਜੰਗਬੰਦੀ 'ਤੇ ਸਹਿਮਤ ਹੋਏ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਬਾਰੇ ਟਵੀਟ ਕੀਤਾ ਹੈ।

ਇਹ ਕਦਮ ਅਜਿਹੇ ਸਮੇਂ ਚੁੱਕਿਆ ਗਿਆ ਹੈ ਜਦੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਰਹੱਦ 'ਤੇ ਲਗਾਤਾਰ ਡਰੋਨ ਹਮਲੇ, ਗੋਲਾਬਾਰੀ ਅਤੇ ਤਣਾਅਪੂਰਨ ਹਾਲਾਤ ਸਨ, ਜਿਸ ਨਾਲ ਖੇਤਰੀ ਅਤੇ ਵਿਸ਼ਵ ਪੱਧਰ 'ਤੇ ਚਿੰਤਾਵਾਂ ਵਧ ਗਈਆਂ ਸਨ।

ਇਸ ਦੌਰਾਨ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਇਸਹਾਕ ਡਾਰ ਨੇ ਸੋਸ਼ਲ ਮੀਡੀਆ 'ਤੇ ਜਾਣਕਾਰੀ ਦਿੱਤੀ ਕਿ ਭਾਰਤ ਅਤੇ ਪਾਕਿਸਤਾਨ ਤੁਰੰਤ ਪ੍ਰਭਾਵ ਨਾਲ ਜੰਗਬੰਦੀ 'ਤੇ ਸਹਿਮਤ ਹੋ ਗਏ ਹਨ।ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਹਮੇਸ਼ਾ ਆਪਣੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਨਾਲ ਸਮਝੌਤਾ ਕੀਤੇ ਬਿਨਾਂ ਖੇਤਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਲਈ ਯਤਨਸ਼ੀਲ ਰਿਹਾ ਹੈ।

# ਮੌਸਮ ਵਿਭਾਗ ਦੀ ਚੇਤਾਵਨੀ ! ਪੰਜਾਬ 'ਚ ਪਵੇਗਾ ਭਾਰੀ ਮੀਂਹ



ਮੌਸਮ ਵਿਭਾਗ ਨੇ ਅਗਲੇ ਲਈ ਕਈ ਜ਼ਿਲ੍ਹਿਆਂ ਵਿੱਚ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਗਰਜ, ਗੜੇਮਾਰੀ ਅਤੇ ਤੇਜ਼ ਹਵਾਵਾਂ ਚੱਲਣ ਦੀ ਚੇਤਾਵਨੀ ਜਾਰੀ ਕੀਤੀ ਹੈ।

ਇਹ ਮੌਸਮ ਚੇਤਾਵਨੀ 12 ਮਈ ਤੱਕ ਲਾਗੂ ਰਹੇਗੀ। ਮੌਸਮ ਵਿਭਾਗ ਅਨੁਸਾਰ ਅੱਜ 11 ਮਈ ਨੂੰ ਪੰਜਾਬ ਵਿੱਚ ਮਸਮ ਫਿਰ ਖ਼ਰਾਬ ਹੋ ਸਕਦਾ ਹੈ। ਮੋਹਾਲੀ, ਲੁਧਿਆਣਾ, ਹੁਸ਼ਿਆਰਪੁਰ, ਫ਼ਤਿਹਗੜ੍ਹ ਸਾਹਿਬ ਅਤੇ ਬਠਿੰਡਾ ਸਮੇਤ ਕਈ ਜ਼ਿਲ੍ਹਿਆਂ ਵਿੱਚ ਗਰਜ ਅਤੇ ਤੇਜ਼ ਹਵਾਵਾਂ ਦੀ ਚੇਤਾਵਨੀ ਦਿੱਤੀ ਗਈ ਹੈ।

ਭਾਰਤੀ ਮੌਸਮ ਵਿਭਾਗ (9$4) ਦੇ ਅਨੁਸਾਰ, ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਔਸਤਨ 0.3 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਹੈ।ਇਹ ਤਾਪਮਾਨ ਔਸਤਨ ਆਮ ਨਾਲੋਂ 4.5 ਡਿਗਰੀ ਸੈਲਸੀਅਸ ਵੱਧ ਹੈ, ਜੋ ਕਿ ਸੂਬੇ ਵਿੱਚ ਚਿੰਤਾਜਨਕ ਗਰਮੀ ਦਾ ਸੰਕੇਤ ਹੈ।

# ਦੋਵਾਂ ਦੇਸ਼ਾਂ ਦੇ ਜੰਗਬਾਜ਼ਾਂ ਨੂੰ ਫਿੱਟ ਲਾਹਣਤਾਂ ਪਾਉ: ਮਨਜੀਤ ਧਨੇਰ



ਚੰਡੀਗੜ੍ਹ-ਭਾਰਤੀ ਕਿਸਾਨ ਯੂਨੀਅਨ ਏਕਤਾ -ਡਕੌਂਦਾ ਦੀ ਸੂਬਾ ਕਮੇਟੀ ਨੇ ਭਾਰਤ ਅਤੇ ਪਾਕਿਸਤਾਨ ਦਰਮਿਆਨ ਜੰਗ ਬੰਦੀ ਤੇ ਟਿੱਪਣੀ ਕਰਦਿਆਂ ਕਿਹਾ ਹੈ ਕਿ ਇਹ ਜੰਗ ਅਮਰੀਕਾ ਦੇ ਇਸ਼ਾਰੇ ਤੇ ਦੋਵੇਂ ਦੇਸ਼ਾਂ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਸਰਕਾਰਾਂ ਵੱਲੋਂ ਕਾਰਪੋਰੇਟਾਂ ਦੇ ਮੁਨਾਫ਼ੇ ਵਧਾਉਣ ਦੀ ਗਿਣਤੀ ਮਿਣਤੀ ਅਧੀਨ ਲਾਈ ਗਈ ਸੀ। ਦੋਵੇਂ ਪਾਸੇ ਸੈਂਕੜੇ ਬੇਗੁਨਾਹ ਲੋਕਾਂ ਦੀਆਂ ਮੌਤਾਂ, ਜਾਇਦਾਦ ਦੀ ਤਬਾਹੀ ਅਤੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਲਈ ਇਹ ਸਾਮਰਾਜੀ ਪੂੰਜੀਵਾਦੀ ਸਿਸਟਮ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ ਜਿਸ ਅਧੀਨ ਕਾਰਪੋਰੇਟ ਘਰਾਣੇ, ਸੰਸਾਰ ਪੱਧਰ ਤੇ ਆਪਣੇ ਮੁਨਾਫ਼ਿਆਂ ਲਈ ਲੋਕਾਂ ਦਾ ਖ਼ੂਨ ਵਹਾਉਣ ਤੋਂ ਵੀ ਗੁਰੇਜ ਨਹੀਂ ਕਰਦੇ।

ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਪਹਿਲਾਂ ਵੀ ਪੁਲਵਾਮਾ ਅਤੇ ਚਿੱਠੀ ਸਿੰਘਪੁਰਾ ਵਿੱਚ ਬੇਗੁਨਾਹ ਲੋਕਾਂ ਦੇ ਕਤਲ ਹੋਏ ਸਨ। ਉਹਨਾਂ ਦੇ ਕਤਲ ਕਿਸ ਨੇ ਕੀਤੇ? ਇਸ ਬਾਰੇ ਅੱਜ ਤੱਕ ਕੋਈ ਪੁਖ਼ਤਾ ਸਬੂਤ/ਜਾਂਚ ਰਿਪੋਰਟ ਸਾਹਮਣੇ ਨਹੀਂ ਆਈ। ਇਸੇ ਤਰਾਂ ਪਹਿਲਗਾਮ ਵਿਖੇ ਇੱਕ ਸਾਜਿਸ਼ ਅਧੀਨ 26 ਬੇਗੁਨਾਹ ਲੋਕਾਂ ਦੇ ਕਤਲ, ਉਸ ਤੋਂ ਬਾਅਦ ਪਾਕਿਸਤਾਨ ਵਿੱਚ ਅਤੇ ਭਾਰਤ ਦੇ ਪੁੰਛ, ਫਿਰੋਜ਼ਪੁਰ ਦੇ ਖਾਈ ਫੇਮੇ ਕੀ ਪਿੰਡ ਤੋਂ ਇਲਾਵਾ ਦੋਵੇਂ ਪਾਸਿਆਂ ਦੇ ਸੈਂਕੜੇ ਲੋਕਾਂ ਦੀਆਂ ਮੌਤਾਂ ਹੋਈਆਂ ਹਨ। ਪਹਿਲਗਾਮ ਵਿਖੇ ਲੋਕਾਂ ਦੀ ਸੁਰੱਖਿਆ ਕਰਨ ਦੀ ਜ਼ਿੰਮੇਵਾਰੀ ਕਿਸ ਦੀ ਸੀ?

ਕਾਤਲ ਕਿਸ ਤਰ੍ਹਾਂ ਉੱਥੇ ਪਹੁੰਚ ਗਏ ਅਤੇ ਕਿਸ ਤਰ੍ਹਾਂ ਬਚ ਕੇ ਨਿਕਲ ਗਏ? ਇਸ ਬਾਰੇ ਕਿਸੇ ਨੇ ਵੀ ਜਾਂਚ ਕਰਨ ਅਤੇ ਜ਼ਿੰਮੇਵਾਰੀ ਲੈਣ ਦੀ ਕੋਸ਼ਿਸ਼ ਨਹੀਂ ਕੀਤੀ ਸਗੋਂ ਸਾਰਾ ਕੁੱਝ ਫ਼ਿਰਕੂ ਜੰਗੀ ਜਨੂੰਨ ਹੇਠ ਦੱਬ ਦਿੱਤਾ ਗਿਆ। ਝੂਠ ਬੋਲਣ ਅਤੇ ਗਲਤ ਜਾਣਕਾਰੀ ਫੈਲਾਉਣ ਵਾਲੇ ਗੋਦੀ ਮੀਡੀਆ ਚੈਨਲਾਂ ਨੂੰ ਖੁੱਲ੍ਹੀ ਛੁੱਟੀ ਦਿੱਤੀ ਗਈ, ਜਿਹਨਾਂ ਨੇ ਇਥੋਂ ਤੱਕ ਝੂਠਾ ਪ੍ਰਚਾਰ ਕੀਤਾ ਕਿ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਤੇ ਕਬਜ਼ਾ ਹੋ ਗਿਆ ਹੈ ਅਤੇ ਕੇਂਦਰੀ ਮੰਤਰੀ ਕਿਰਨ ਰਿਜਿਜੂ ਤੱਕ ਨੇ ਇਸ ਗੁੰਮਰਾਹਕੁਨ ਸੂਚਨਾ ਨੂੰ ਅੱਗੇ ਸ਼ੇਅਰ ਕੀਤਾ। ਦੂਜੇ ਪਾਸੇ ਸੱਚੀ ਰਿਪੋਰਟਿੰਗ ਕਰਨ ਵਾਲੇ 'ਦੀ ਵਾਇਰ' '4 ਪੀ ਐਮ' ਅਤੇ ਪਰਸੂਨ ਬਾਜਪਾਈ ਯੂ ਟਿਊਬ ਚੈਨਲ ਤੋਂ ਇਲਾਵਾ 8000 ਐਕਸ ਖਾਤੇ ਬੰਦ ਕਰ ਦਿੱਤੇ ਗਏ।

ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਇਹ ਗੱਲ ਹੁਣ ਲੁਕੀ ਛਿਪੀ ਨਹੀਂ ਕਿ ਇਹ ਜੰਗ ਕਾਰਪੋਰੇਟਾਂ ਦੀਆਂ ਗਿਣਤੀਆਂ ਮਿਣਤੀਆਂ ਅਧੀਨ ਲਾਈ ਗਈ ਸੀ। ਕੁੱਝ ਚਿਰ ਪਹਿਲਾਂ ਅਮਰੀਕਨ ਰਾਸ਼ਟਰਪਤੀ ਡੋਨਲਡ ਟਰੰਪ ਨੇ ਟਵੀਟ ਕੀਤਾ ਕਿ ਭਾਰਤ ਅਤੇ ਪਾਕਿਸਤਾਨ ਜੰਗਬੰਦੀ ਲਈ ਸਹਿਮਤ ਹਨ ਅਤੇ ਉਸ ਤੋਂ ਤੁਰੰਤ ਬਾਅਦ ਹੀ ਜੰਗ ਬੰਦੀ ਦਾ ਐਲਾਨ ਹੋ ਜਾਂਦਾ ਹੈ।

ਇਸ ਤੋਂ ਇਲਾਵਾ ਪਿਛਲੇ ਦਿਨੀਂ ਫਰਾਂਸ ਦੀ ਰਾਫੇਲ ਜਹਾਜ਼ ਬਣਾਉਣ ਵਾਲੀ ਕੰਪਨੀ ਨਾਲ 28 ਅਪ੍ਰੈਲ 2025 ਨੂੰ 63,000 ਕਰੋੜ ਰੁਪਏ ਦਾ ਸੌਦਾ ਅਤੇ ਅਗਸਤ 2024 ਵਿੱਚ ਅਮਰੀਕਾ ਨਾਲ ਹਥਿਆਰਾਂ ਦਾ ਸੌਦਾ ਕਰਨਾ ਵੀ ਇਸ ਸਾਜਿਸ਼ ਦਾ ਪਰਦਾਫਾਸ਼ ਕਰਦਾ ਹੈ। ਹੁਣ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਲੋਕਾਂ ਦੀ ਖ਼ੂਨ ਪਸੀਨੇ ਦੀ ਕਮਾਈ ਨੂੰ ਕਾਰਪੋਰੇਟ ਘਰਾਣਿਆਂ ਤੋਂ ਹਥਿਆਰ ਖਰੀਦਣ ਲਈ ਖਰਚਣਗੀਆਂ। ਇਸ ਤਰ੍ਹਾਂ ਲੋਕਾਂ ਤੇ ਹੋਰ ਟੈਕਸ ਲਾ ਕੇ ਅਤੇ ਉਹਨਾਂ ਦੀਆਂ ਸਹੂਲਤਾਂ ਤੇ ਕੱਟ ਲਾ ਕੇ ਕਾਰਪੋਰੇਟਾਂ ਦੇ ਮੁਨਾਫ਼ੇ ਹੋਰ ਵਧਾਏ ਜਾਣਗੇ।

ਜਥੇਬੰਦੀ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ ਬਾਰਡਰ ਦੇ ਨੇੜਲੇ ਪਿੰਡਾਂ ਨੂੰ ਜਿੰਨੇ ਦੁੱਖ ਮੁਸੀਬਤਾਂ ਦਾ ਸਾਹਮਣਾ ਕਰਨਾ ਪਿਆ ਹੈ ਉਸ ਦਾ ਇਹਨਾਂ ਜੰਗਬਾਜ਼ਾਂ ਨੂੰ ਕੋਈ ਅਫ਼ਸੋਸ ਨਹੀਂ ਹੈ। ਜਥੇਬੰਦੀ ਪਹਿਲਾਂ ਵੀ ਕਹਿੰਦੀ ਆਈ ਹੈ ਕਿ ਇਹ ਨਿਹੱਕੀ ਜੰਗ ਹੈ ਜਿਸ ਵਿੱਚ ਮਜ਼ਦੂਰਾਂ ਕਿਸਾਨਾਂ ਅਤੇ ਆਮ ਲੋਕਾਂ ਦੇ ਧੀਆਂ ਪੁੱਤ ਮਰਨਗੇ ਅਤੇ ਨੁਕਸਾਨ ਵੀ ਉਹਨਾਂ ਦਾ ਹੀ ਹੋਵੇਗਾ। ਇਸ ਲਈ ਇਸ ਨਿਹੱਕੀ ਜੰਗ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ ਗਿਆ ਸੀ।

ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਅਤੇ ਹਰੀਸ਼ ਨੱਢਾ ਕਿਹਾ ਕਿ ਇਸ ਰੌਲੇ ਰੱਪੇ ਅੰਦਰ ਬਰਤਾਨੀਆ ਨਾਲ ਮੁਕਤ ਵਪਾਰ ਸਮਝੌਤਾ ਸਿਰੇ ਚਾੜ੍ਹ ਲਿਆ ਗਿਆ ਹੈ। ਪੰਜਾਬ ਅੰਦਰ ਵੀ ਇੱਕ ਪਾਸੇ ਬਲੈਕ ਆਊਟ ਕਰਕੇ ਦੁਕਾਨਾਂ ਬੰਦ ਕਰਵਾਈਆਂ ਜਾ ਰਹੀਆਂ ਸਨ, ਦੂਜੇ ਪਾਸੇ ਬਠਿੰਡਾ ਜ਼ਿਲ੍ਹੇ ਦੇ ਪਿੰਡ ਜਿਉਂਦ ਵਿਖੇ ਭਗਵੰਤ ਮਾਨ ਦੀ ਸਰਕਾਰ ਵੱਲੋਂ ਸੈਂਕੜੇ ਪੁਲਸੀਏ ਭੇਜ ਕੇ ਜ਼ਮੀਨ ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।

ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਜੰਗ, ਹਾਕਮਾਂ ਦੇ ਹੱਥਾਂ ਵਿੱਚ ਲੋਕਾਂ ਦੇ ਸੰਘਰਸ਼ਾਂ ਨੂੰ ਦਬਾਉਣ ਅਤੇ ਆਪਣੇ ਮਨਸੂਬਿਆਂ ਦੀ ਪੂਰਤੀ ਕਰਨ ਲਈ ਇੱਕ ਹਥਿਆਰ ਹੈ। ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਮੌਕਿਆਂ ਤੇ ਭਾਵੁਕਤਾ ਵਿੱਚ ਨਾ ਆਉਣ ਅਤੇ ਹਾਲਾਤਾਂ ਦੀ ਪੂਰੀ ਸਮੀਖਿਆ ਕਰਦੇ ਹੋਏ ਆਪਣੀ ਜਮਾਤੀ ਤਬਕਾਤੀ ਏਕਤਾ ਬਣਾਈ ਰੱਖਦਿਆਂ ਸੰਘਰਸ਼ਾਂ ਦੇ ਰਾਹ ਤੋਂ ਨਾ ਡੋਲਣ।

# ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਹਟੀਆਂ ਪਾਬੰਦੀਆਂ !



ਭਾਰਤ ਤੇ ਪਾਕਿਸਤਾਨ ਵਿਚਾਲੇ ਸੀਜ਼ਫਾਇਰ ਦੇ ਐਲਾਨ ਹੋਣ ਤੋਂ ਬਾਅਦ ਪਾਕਿਸਤਾਨ ਨਾਲ ਲੱਗਦੀ ਪੰਜਾਬ ਸਰਹੱਦ 'ਤੇ ਵੀ ਜੰਗਬੰਦੀ ਲਾਗੂ ਕਰ ਦਿੱਤੀ ਗਈ ਹੈ। ਸ਼ਨੀਵਾਰ ਸ਼ਾਮ 5 ਵਜੇ ਇਸ ਦਾ ਐਲਾਨ ਕੀਤਾ ਗਿਆ ਹੈ।

ਸ਼ਨੀਵਾਰ ਸਵੇਰੇ 10 ਵਜੇ ਤੋਂ ਬਾਅਦ ਪੰਜਾਬ 'ਚ ਕਿਤੇ ਵੀ ਕੋਈ ਹਮਲਾ ਨਹੀਂ ਹੋਇਆ ਹੈ।

ਸਵੇਰੇ ਪਾਕਿਸਤਾਨ ਨੇ ਪਠਾਨਕੋਟ 'ਤੇ ਹਮਲਾ ਕੀਤਾ ਸੀ। ਹਾਲਾਂਕਿ ਪਾਕਿਸਤਾਨੀ ਸੁਭਾਅ ਨੂੰ ਧਿਆਨ 'ਚ ਰੱਖਦੇ ਹੋਏ, ਬਾਰਡਰ ਦੇ ਜ਼ਿਲ੍ਹਿਆਂ 'ਚ ਫੌਜ ਅਲਰਟ 'ਤੇ ਹੈ। ਜਲੰਧਰ, ਰੋਪੜ, ਕਪੂਰਥਲਾ, ਬਰਨਾਲਾ ਤੇ ਅੰਮ੍ਰਿਤਸਰ ਤੋਂ ਬਲੈਕਆਊਟ ਸਮੇਤ ਸਾਰੀਆਂ ਪਾਬੰਦੀਆਂ ਹਟਾ ਦਿੱਤੀਆਂ ਗਈਆਂ ਹਨ।

ਭਾਰਤ ਤੇ ਪਾਕਿਸਤਾਨ ਵਿਚਕਾਰ ਸੀਜ਼ਫਾਇਰ ਤੋਂ ਪਹਿਲਾਂ, ਭਾਰਤੀ ਫੌਜ ਨੇ 3 ਦਿਨਾਂ ਤੱਕ ਪਾਕਿਸਤਾਨੀ ਹਮਲਿਆਂ ਦਾ ਢੁਕਵਾਂ ਜਵਾਬ ਦਿੱਤਾ। ਪਾਕਿਸਤਾਨ ਨੇ ਫੌਜੀ ਠਿਕਾਣਿਆਂ ਤੋਂ ਲੈ ਕੇ ਰਿਹਾਇਸ਼ੀ ਇਲਾਕਿਆਂ ਤੱਕ ਹਰ ਚੀਜ਼ ਨੂੰ ਨਿਸ਼ਾਨਾ ਬਣਾਇਆ। ਪਰ ਫੌਜ ਦੇ ਹਵਾਈ ਰੱਖਿਆ ਪ੍ਰਣਾਲੀ ਨੇ ਹਰ ਹਮਲੇ ਨੂੰ ਨਾਕਾਮ ਕਰ ਦਿੱਤਾ।

ਪਾਕਿਸਤਾਨ ਨੇ 3 ਦਿਨਾਂ ਵਿੱਚ ਪੰਜਾਬ ਦੇ 12 ਜ਼ਿਲ੍ਹਿਆਂ 'ਤੇ ਹਮਲਾ ਕੀਤਾ। ਜਿਸ ਵਿੱਚ 6 ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਫਾਜ਼ਿਲਕਾ, ਗੁਰਦਾਸਪੁਰ ਅਤੇ ਤਰਨਤਾਰਨ ਸ਼ਾਮਲ ਹਨ। ਉਸੇ ਸਮੇਂ, ਬਠਿੰਡਾ, ਜਲੰਧਰ, ਮਾਨਸਾ, ਕਪੂਰਥਲਾ, ਲੁਧਿਆਣਾ ਅਤੇ ਹੁਸ਼ਿਆਰਪੁਰ ਵਿੱਚ ਹਵਾਈ ਹਮਲੇ ਕੀਤੇ ਗਏ। ਪਾਕਿਸਤਾਨ ਨੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਡਰੋਨ ਅਤੇ ਰਾਕੇਟ ਤੋਂ ਇਲਾਵਾ ਮਿਜ਼ਾਈਲਾਂ ਦਾਗੀਆਂ।

ਕੱਲ੍ਹ ਵੀ ਪਾਕਿਸਤਾਨੀ ਫੌਜ ਨੇ ਏਅਰਬੇਸ 'ਤੇ ਹਮਲਾ ਕੀਤਾ ਸੀ, ਜਿਸ ਕਾਰਨ ਉਨ੍ਹਾਂ ਨੂੰ ਮਾਮੂਲੀ ਨੁਕਸਾਨ ਹੋਇਆ ਸੀ। ਪਾਕਿਸਤਾਨ ਨੇ ਹਾਈ-ਸਪੀਡ ਮਿਜ਼ਾਈਲਾਂ ਦਾਗੀਆਂ ਕਰਕੇ ਦੋਵਾਂ ਏਅਰਬੇਸਾਂ ਨੂੰ ਉਡਾਉਣ ਦੀ ਕੋਸ਼ਿਸ਼ ਕੀਤੀ ਸੀ।

# ਹਿੰਮਤ ਐਨ.ਜੀ.ਓ ਵੱਲੋਂ ਲੋੜਵੰਦ ਪਰਿਵਾਰ ਲਈ ਘਰ ਬਣਾਉਣ ਦੀ ਸ਼ੁਰੂਆਤ



ਅਮ੍ਰਿਤਸਰ, – ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ, ਇਸ ਤੋਂ ਵੱਡਾ ਕੋਈ ਵੀ ਧਰਮ ਨਹੀਂ। ਇਹ ਗੱਲ ਕੌਂਸਲਰ ਤੇ ਮਹਿਲਾ ਮੋਰਚਾ ਅੰਮ੍ਰਿਤਸਰ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਹਿੰਮਤ ਐਨ.ਜੀ.ਓ ਵਲੋਂ ਡਾਇਮੰਡ ਅਵੇਨਿਊ ਵਿਖੇ ਇੱਕ ਲੋੜਵੰਦ ਪਰਿਵਾਰ ਨੂੰ ਨਵਾਂ ਘਰ ਬਣਾਉਣ ਦੇ ਨੀਂਹ ਪੱਥਰ ਰੱਖਣ ਦੇ ਦੌਰਾਨ ਕਹੀ। ਇਸ ਦੌਰਾਨ ਹਿੰਮਤ ਐਨ.ਜੀ.ਓ ਦੇ ਮੁਖੀ ਭਾਈ ਹਿੰਮਤ ਸਿੰਘ, ਆਲ ਇੰਡਿਆ ਸਿੱਖ ਸਟੂਡੇਂਟ ਫੇਡਰੇਸ਼ਨ ਦੇ ਮੁਖੀ ਭਾਈ ਕਵਰ ਚੜਤ ਸਿੰਘ, ਵਿਦਵਾਨ ਪ੍ਰੋ. ਬਲਜਿੰਦਰ ਸਿੰਘ, ਕਾਰੋਬਾਰੀ ਇੰਦਰਪਾਲ ਸਿੰਘ ਅਤੇ ਭਾਰੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਵਲੋਂ ਗੁਰੂ ਮਹਾਰਾਜ ਜੀ ਦੇ ਚਰਣਾਂ ਵਿੱਚ ਅਰਦਾਸ ਕਰਕੇ ਘਰ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ।

ਇਸ ਦੌਰਾਨ ਸ਼ਰੁਤੀ ਵਿਜ ਨੇ ਕਿਹਾ ਕਿ ਹਿੰਮਤ ਐਨ.ਜੀ.ਓ ਵਲੋਂ ਲਗਾਤਾਰ ਮਨੁੱਖਤਾ ਦੀ ਸੇਵਾ ਲਈ ਜੋ ਕਾਰਜ ਕੀਤਾ ਜਾ ਰਿਹਾ ਹੈ ਬਹੁਤ ਹੀ ਸ਼ਲਾਂਘਾਯੋਗ ਹੈ। ਕਿਸੇ ਜਰੂਰਤਮੰਦ ਦੀ ਜ਼ਰੂਰਤ ਪੂਰੀ ਕਰਣਾ ਇਸ ਤੋਂ ਵੱਡਾ ਪਰਉਪਕਾਰ ਨਹੀਂ ਹੁੰਦਾ। ਇਸਦੇ ਲਈ ਉਹ ਤੇ ਉਨ੍ਹਾਂ ਦੀ ਐਨ.ਜੀ.ਓ ਵਧਾਈ ਦੇ ਪਾਤਰ ਹਨ ਅਤੇ ਮੈਂ ਵਾਹਿਗੁਰੂ ਅੱਗੇ ਅਰਦਾਸ ਕਰਦੀ ਹਾਂ ਕਿ ਵਾਹਿਗੁਰੂ ਉਨ੍ਹਾਂ ਨੂੰ ਤਾਕਤ ਬਕਸ਼ੇ ਤਾਂਕਿ ਉਹ ਵੱਧ ਚੜ੍ਹਕੇ ਮਨੁੱਖਤਾ ਦੀ ਸੇਵਾ ਕਰ ਸਕਣ।

ਇਸ ਦੌਰਾਨ ਭਾਈ ਕਵਰ ਚੜਤ ਸਿੰਘ ਨੇ ਕਿਹਾ ਕਿ ਹਿੰਮਤ ਐਨ.ਜੀ.ਓ ਪਿਛਲੇ ਲੰਮੇ ਸਮੇਂ ਤੋਂ ਸੇਵਾ ਕਾਰਜ ਦੇ ਨਾਲ ਜੁੜੇ ਹੋਏ ਹਨ। ਉਹ ਇੱਕ ਨਹੀਂ ਕਈ ਤਰ੍ਹਾਂ ਦੇ ਸੇਵਾ ਕਾਰਜ ਕਰਦੇ ਹਨ। ਮੈਂ ਲੋਕਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਸੰਸਥਾ ਦੇ ਨਾਲ ਜੁੱੜਕੇ ਇਸਨੂੰ ਹੋਰ ਮਜਬੂਤ ਕਰਨ ਤਾਂਕਿ ਇਹ ਮਨੁੱਖਤਾ ਦੀ ਸੇਵਾ ਵਿੱਚ ਅੱਗੇ ਵੱਧ ਚੜ੍ਹਕੇ ਹਿੱਸਾ ਲੈਂਦੇ ਰਹਿਣ। ਭਾਈ ਹਿੰਮਤ ਸਿੰਘ ਨੇ ਕਿਹਾ ਕਿ ਉਹ ਜਰੂਰਤਮੰਦ ਪਰਵਾਰਾਂ ਦੀ ਸੇਵਾ ਵਿੱਚ ਹਮੇਸ਼ਾ ਤਤਪਰ ਹਨ। ਹਿੰਮਤ ਐਨ.ਜੀ.ਓ ਮਨੁੱਖਤਾ ਦੀ ਸੇਵਾ ਲਈ ਬਣਾਈ ਗਈ ਹੈ ਅਤੇ ਇਹ ਲਗਾਤਾਰ ਇਸ ਦਿਸ਼ਾ ਵਿੱਚ ਕੰਮ ਕਰਦੀ ਰਹੇਗੀ। ਉਨ੍ਹਾਂ ਨੇ ਕਿਹਾ ਕਿ ਹਿੰਮਤ ਐਨ.ਜੀ.ਓ ਵਲੋਂ ਕਈ ਸੇਵਾ ਕਾਰਜ ਚਲਾਏ ਜਾ ਰਹੇ ਹਨ। ਇੰਨਾ ਸੇਵਾ ਕਾਰਜਾਂ ਵਿਚ ਭਾਰੀ ਗਿਣਤੀ ਵਿੱਚ ਲੋਕ ਲਾਭ ਲੈ ਰਹੇ ਹਨ ਅਤੇ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਉਹ ਇਸੇ ਤਰ੍ਹਾਂ ਸੇਵਾ ਕਾਰਜ ਕਰਦੇ ਰਹਿਣਗੇ। ਪ੍ਰੋ. ਬਲਜਿੰਦਰ ਸਿੰਘ ਨੇ ਕਿਹਾ ਕਿ ਹਿੰਮਤ ਐਨ.ਜੀ.ਓ ਇੱਕ ਅਜਿਹੀ ਸੰਸਥਾ ਹੈ ਜੋ ਸਮਾਜ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹੋਏ ਲੋੜਵੰਦਾ ਦੀ ਸੇਵਾ ਕਾਰਜ ਵਿੱਚ ਜੁਟੀ ਹੈ।

# ਮੇਰਾ ਯੁਵਾ ਭਾਰਤ ਸਿਵਲ ਡਿਫੈਂਸ ਵਲੰਟੀਅਰਾਂ ਦੀ ਭਰਤੀ ਪ੍ਰਕਿਰਿਆ ਸ਼ੁਰੂ



ਬਰਨਾਲਾ, – ਮੇਰਾ ਯੁਵਾ ਭਾਰਤ ਬਰਨਾਲਾ ਅਧੀਨ ਮੇਰਾ ਯੁਵਾ ਭਾਰਤ ਸਿਵਲ ਡਿਫੈਂਸ ਵਲੰਟੀਅਰਾਂ ਦੀ ਭਰਤੀ ਮੁਹਿੰਮ ਦੀ ਸ਼ੁਰੂਆਤ ਜ਼ਿਲ੍ਹਾ ਬਰਨਾਲਾ ਵਿੱਚ ਹੋ ਗਈ ਹੈ।

ਇਸ ਸਬੰਧੀ ਜ਼ਿਲ੍ਹਾ ਯੂਥ ਅਫ਼ਸਰ ਸ੍ਰੀਮਤੀ ਆਭਾ ਸੋਨੀ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਰਾਸ਼ਟਰ ਦੀ ਸੇਵਾ ਅਤੇ ਸਮਾਜਿਕ ਭਲਾਈ ਲਈ ਤਿਆਰ ਕਰਨਾ ਹੈ, ਜਿਸ ਰਾਹੀਂ ਉਹ ਐਮਰਜੈਂਸੀ ਸਥਿਤੀਆਂ, ਆਫ਼ਤਾਂ ਤੇ ਹੋਰ ਜ਼ਰੂਰੀ ਸਮਿਆਂ ਵਿੱਚ ਲੋੜਵੰਦ ਲੋਕਾਂ ਦੀ ਸਹਾਇਤਾ ਕਰ ਸਕਣ। ਇਹ ਵਾਲੰਟੀਅਰ ਸਮਾਜਿਕ ਜਾਗਰੂਕਤਾ ਮੁਹਿੰਮਾਂ, ਡਿਜ਼ਾਸਟਰ ਮੈਨੇਜਮੈਂਟ, ਟ੍ਰੈਫਿਕ ਕੰਟਰੋਲ, ਤੇ ਹੋਰ ਸਰਕਾਰੀ ਕਾਰਜਾਂ ਵਿੱਚ ਵੀ ਆਪਣੀ ਸੇਵਾਵਾਂ ਦੇਣਗੇ।

ਸ੍ਰੀਮਤੀ ਸੋਨੀ ਨੇ ਦੱਸਿਆ ਕਿ ਇਹ ਕਾਰਜ ਨੌਜਵਾਨਾਂ ਵਿੱਚ ਆਤਮ-ਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਨੌਜਵਾਨ ਰਾਸ਼ਟਰ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਸ਼ਾਮਲ ਕਰਨਾ ਅਸਲ ਬਦਲਾਅ ਲਿਆਉਣ ਵੱਲ ਇੱਕ ਵੱਡਾ ਕਦਮ ਹੈ। ਇਹ ਵਾਲੰਟੀਅਰ ਬਣਨ ਲਈ ਉਮੀਦਵਾਰਾਂ ਦੀ ਉਮਰ 18 ਤੋਂ 29 ਸਾਲ ਹੋਣੀ ਚਾਹੀਦੀ ਹੈ। ਰਜਿਸਟ੍ਰੇਸ਼ਨ ਲਈ ਉਮੀਦਵਾਰ ਮੇਰਾ ਭਾਰਤ (ਮਾਈ ਭਾਰਤ) ਦੇ ਅਧਿਕਾਰਿਕ ਪੋਰਟਲ https://mybharat.gov.in ਉੱਤੇ ਜਾ ਕੇ ਆਪਣੀ ਜਾਣਕਾਰੀ ਭਰ ਸਕਦੇ ਹਨ, ਜਿਸ ਦੀ ਆਖਰੀ ਮਿਤੀ 25 ਮਈ 2025 ਹੈ।

ਉਨ੍ਹਾਂ ਬਰਨਾਲਾ ਜ਼ਿਲ੍ਹੇ ਦੇ ਸਾਰੇ ਕਾਲਜਾਂ, ਸਕੂਲਾਂ, ਨੌਜਵਾਨ ਗਰੁੱਪਾਂ ਤੇ ਸਵੈਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਯੋਜਨਾ ਨਾਲ ਜੁੜਨ।

# ਕਾਨਪੁਰ ਵਿੱਚ ਇੱਟਾਂ ਨਾਲ ਕੁਚਲ ਕੇ ਇੱਕ ਹੋਰ ਔਰਤ ਦੀ ਹੱਤਿਆ, ਸ਼ਰਾਬੀ ਪਤੀ ਹਿਰਾਸਤ ਵਿੱਚ



ਕਾਨਪੁਰ (ਸੁਨੀਲ ਬਾਜਪਾਈ) ਇਸ ਮਹਾਂਨਗਰ ਵਿੱਚ ਨਾਜਾਇਜ਼ ਸਬੰਧਾਂ ਬਨਾਮ ਪ੍ਰੇਮ ਸਬੰਧਾਂ ਸਮੇਤ ਕਈ ਕਾਰਨਾਂ ਕਰਕੇ ਚੱਲ ਰਹੀਆਂ ਹੱਤਿਆਵਾਂ ਦੀ ਲੜੀ ਵਿੱਚ ਇੱਕ ਹੋਰ ਔਰਤ ਦੀ ਹੱਤਿਆ ਕਰ ਦਿੱਤੀ ਗਈ। ਪੁਲਿਸ ਉਸਦੇ ਸ਼ਰਾਬੀ ਪਤੀ ਨੂੰ ਇੱਟ ਨਾਲ ਕੁਚਲ ਕੇ ਕਤਲ ਕਰਨ ਦੇ ਮਾਮਲੇ ਵਿੱਚ ਹਿਰਾਸਤ ਵਿੱਚ ਲੈਣ ਤੋਂ ਬਾਅਦ ਉਸ ਤੋਂ ਪੁੱਛਗਿੱਛ ਕਰ ਰਹੀ ਹੈ।

ਇਹ ਘਟਨਾ ਚੌਬੇਪੁਰ ਸ਼ਹਿਰ ਵਿੱਚ ਵਾਪਰੀ ਜਿੱਥੇ ਸੋਮਵਾਰ ਸਵੇਰੇ 36 ਸਾਲਾ ਬੀਨੂ ਸ਼ਰਮਾ ਦੀ ਖੂਨ ਨਾਲ ਲੱਥਪੱਥ ਲਾਸ਼ ਉਸਦੇ ਘਰ ਦੇ ਬਾਹਰ ਮਿਲੀ। ਔਰਤ ਦੇ ਚਿਹਰੇ ਤੇ ਸੱਟਾਂ ਦੇ ਨਿਸ਼ਾਨ ਹਨ। ਗਰਦਨ ਤੇ ਤੇਜ਼ਧਾਰ ਹਥਿਆਰ ਨਾਲ ਹਮਲੇ ਦੇ ਨਿਸ਼ਾਨ ਵੀ ਮਿਲੇ ਹਨ। ਛੱਤ ਤੇ ਖੂਨ ਦੇ ਧੱਬੇ ਮਿਲੇ ਹਨ।

ਪੁਲਿਸ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਕਤਲ ਪਹਿਲਾਂ ਇੱਟ ਨਾਲ ਕੁਚਲ ਕੇ ਕੀਤਾ ਗਿਆ ਸੀ। ਫਿਰ ਲਾਸ਼ ਨੂੰ ਛੱਤ ਤੋਂ ਹੇਠਾਂ ਸੁੱਟ ਦਿੱਤਾ ਗਿਆ।

ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਪੁਲਿਸ ਨੇ ਦੱਸਿਆ ਕਿ ਮ੍ਰਿਤਕਾ ਦਾ ਪਤੀ ਸੰਜੇ ਸ਼ਰਮਾ ਇੱਕ ਢਾਬੇ ਤੇ ਕੰਮ ਕਰਦਾ ਹੈ। ਉਸਦੇ ਤਿੰਨ ਬੱਚੇ ਹਨ, 10 ਸਾਲ ਦਾ ਪੁੱਤਰ ਸ਼ੁਭ ਅਤੇ ਦੋ ਧੀਆਂ, 8 ਸਾਲ ਦੀ ਸਾਰਥੀ ਅਤੇ 5 ਸਾਲ ਦੀ ਸੀਆ।

ਮੌਕੇ ਤੇ ਪਹੁੰਚੀ ਪੁਲਿਸ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਸੰਜੇ ਸ਼ਰਾਬ ਦਾ ਆਦੀ ਹੈ ਅਤੇ ਅਕਸਰ ਆਪਣੀ ਪਤਨੀ ਨੂੰ ਕੁੱਟਦਾ ਰਹਿੰਦਾ ਸੀ। ਪੁਲਿਸ ਨੇ ਦੱਸਿਆ ਕਿ ਸੰਜੇ ਪਿਛਲੇ ਐਤਵਾਰ ਦੇਰ ਰਾਤ ਘਰ ਵਾਪਸ ਆਇਆ ਸੀ। ਫਿਲਹਾਲ ਮ੍ਰਿਤਕ ਦੀ ਮਾਂ ਦੀ ਸ਼ਿਕਾਇਤ ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਪੁਲਿਸ ਨੇ ਪਤੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਉਸ ਤੋਂ ਪੁੱਛਗਿੱਛ ਕਰ ਰਹੀ ਹੈ।

# ਜੰਗ ਦੇ ਹਲਾਤਾਂ ਵਿੱਚ ਨਗਰ ਨਿਗਮ ਨੇ ਨਿਭਾਈ ਸੰਜੀਦਗੀ ਨਾਲ ਜਿਮੇਵਾਰੀ- ਗੁਲਪ੍ਰੀਤ ਸਿੰਘ ਔਲਖ



ਅੰਮ੍ਰਿਤਸਰ, –
ਭਾਰਤ ਪਾਕਿਸਤਾਨ ਜੰਗ ਦੌਰਾਨ ਬਣੇ ਹਲਾਤਾਂ ਦੇ ਦੌਰਾਨ ਨਗਰ ਨਿਗਮ ਅੰਮ੍ਰਿਤਸਰ ਦੇ ਵੱਖ-ਵੱਖ ਵਿਭਾਗਾਂ ਵੱਲੋ ਆਪਣੀਆਂ ਜਿਮੇਵਾਰੀਆਂ ਤਨਦੇਹੀ ਨਾਲ ਨਿਭਾਈਆ ਗਈਆਂ ਹਨ। ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ ਵੱਲੋ ਸ਼ਹਿਰ ਦੇ ਲੋਕਾਂ ਦੀ ਸੁਰੱਖਿਆ ਅਤੇ ਨਿਗਮ ਦੇ ਸਫਾਈ ਵਿੰਗ ਵੱਲੋ ਸ਼ਹਿਰ ਦੀ ਸਾਫ ਸਫਾਈ ਨੂੰ ਪ੍ਰਭਾਵਿਤ ਨਹੀਂ ਹੋਣ ਦਿੱਤਾ ਗਿਆ।

ਕਮਿਸ਼ਨਰ ਗੁਲਪ੍ਰੀਤ ਔਲਖ ਨੇ ਦੱਸਿਆ ਕਿ ਜੰਗ ਦੇ ਦੌਰਾਨ ਜਿਥੇ ਆਮ ਲੋਕ ਡਰੇ ਤੇ ਸਹਿਮੇ ਹੋਏ ਸਨ। ਉਥੇ ਨਗਰ ਨਿਗਮ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋ ਜਿਲ੍ਹਾ ਪ੍ਰਸ਼ਾਸਨ ਦੇ ਨਾਲ ਸਹਿਯੋਗ ਕਰਕੇ ਆਪਣੀਆਂ ਡਿਊਟੀਆਂ ਨਿਭਾਈਆਂ ਗਈਆਂ ਅਤੇ ਨਗਰ ਨਿਗਮ ਰਾਤ ਦਿਨ ਸ਼ਹਿਰ ਵਾਸੀਆਂ ਦੀ ਸੇਵਾ ਵਿੱਚ ਲਗਾ ਰਿਹਾ ਹੈ। ਨਗਰ ਨਿਗਮ ਵੱਲੋ ਸ਼ਹਿਰ ਵਾਸੀਆਂ ਨੂੰ ਦਿੱਤੀਆਂ ਜਾਣ ਵਾਲੀਆਂ ਮੂਲ ਭੂਤ ਸੇਵਾਵਾਂ ਵਿੱਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਗਈ। ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ ਅਤੇ ਸਫਾਈ ਵਿੰਗ ਵੱਲੋ ਅਹਿਮ ਭੂਮਿਕਾਂ ਨਿਭਾਈ ਗਈ ਹੈ। ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ ਦੀਆਂ ਗੱਡੀਆਂ ਅਤੇ ਕਰਮਚਾਰੀ 24 ਘੰਟੇ ਆਪਣੀ ਡਿਊਟੀ ਤੇ ਹਾਜ਼ਰ ਰਹੇਂ। ਫਾਇਰ ਬਿਗੇਡ ਵਿਭਾਗ ਦੀਆਂ ਡਿਊਟੀਆਂ ਦੀ ਵਿਉਤਬੰਧੀ ਇਸ ਤਰ੍ਹਾਂ ਕੀਤੀ ਗਈ ਸੀ ਕਿ ਫੌਜ ਨੂੰ ਜਾਂ ਸ਼ਹਿਰ ਵਿੱਚ ਜਿਥੇ ਵੀ ਲੋੜ ਪਵੇ ਤਾਂ ਇਹ ਤਰੁੰਤ ਮੌਕੇ ਤੇ ਪਹੁੰਚ ਕੇ ਕਾਰਵਾਈ ਪਾ ਸਕਣ। ਸਫਾਈ ਵਿਭਾਗ ਦੇ ਕਰਮਚਾਰੀਆਂ ਰੋਜ਼ਾਨਾ ਵਾਂਗ ਸਵੇਰੇ ਸ਼ਾਮ ਸਫਾਈ ਨੂੰ ਯਕੀਨੀ ਬਣਾਈਆ ਗਿਆ। ਸ਼ਹਿਰ ਵਿੱਚ ਕਿਧਰੇ ਵੀ ਕੂੜੇ ਦੇ ਢੇਰ ਨਹੀਂ ਲਗਣ ਦਿੱਤੇ ਗਏ। ਸਿਹਤ ਵਿਭਾਗ ਵੱਲੋ ਸ਼ਹਿਰ ਦੇ ਵੱਖ-ਵੱਖ ਹਿਸਿਆ ਵਿੱਚ ਆਮ ਦਿਨਾਂ ਵਾਂਗ ਫਾਗ ਸਪਰੇ ਕੀਤੀ ਗਈ ਅਤੇ ਕਿਸੇ ਕੰਮ ਵਿੱਚ ਕੋਈ ਵਿਘਣ ਨਹੀਂ ਆਉਣ ਦਿੱਤਾ ਗਿਆ। ਕਮਿਸ਼ਨਰ ਨੇ ਕਿਹਾ ਕਿ ਉਹਨਾ ਵੱਲੋ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਸ਼ਹਿਰ ਵਿੱਚ ਕੀਤੀ ਗਈ ਰਾਤ ਵੇਲੇ ਬਲੈਕਆਉਟ ਦੌਰਾਨ ਸ਼ਹਿਰ ਦੇ ਤਿੰਨੇ ਸੀਵਰੇਜ਼ ਟਰੀਟਮੈਂਟ ਪਲਾਟਾਂ ਨੂੰ ਲਗਾਤਾਰ ਚਲਾਏ ਰੱਖਣ ਲਈ ਪੰਜਾਬ ਰਾਜ ਬਿਜਲੀ ਬੋਰਡ ਨੂੰ ਹਦਾਇਤਾਂ ਦੇਣ ਲਈ ਉਚੇਚੇ ਤੋਰ ਤੇ ਲਿਖਿਆ ਗਿਆ ਸੀ ਤਾਂ ਜੋ ਸ਼ਹਿਰ ਵਿੱਚ ਸੀਵਰੇਜ ਸਿਸਟਮ ਵਿੱਚ ਕੋਈ ਵਿਘਣ ਨਾ ਹੋਵੇ। ਉਹਨਾਂ ਕਿਹਾ ਕਿ ਨਿਗਮ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋ ਸ਼ਹਿਰ ਵਾਸੀਆਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਪਹਿਲ ਦੇ ਆਧਾਰ ਤੇ ਕੀਤਾ ਗਿਆ ਅਤੇ ਸਰਕਾਰੀ ਪੋਰਟਲ ਤੇ ਜੋ ਸ਼ਿਕਾਇਤਾਂ ਦਰਜ਼ ਹੋਈਆ ਉਹ ਵੀ ਖਤਮ ਕਰ ਦਿੱਤੀਆਂ ਗਈਆਂ ਹਨ। ਕਮਿਸ਼ਨਰ ਨੇ ਦੱਸਿਆ ਕਿ ਮੌਜੂਦਾ ਹੰਗਾਮੀ ਹਲਾਤਾ ਨੂੰ ਵੇਖਦੇ ਹੋਏ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਸੇ ਵੀ ਹਾਲਾਤ ਵਿੱਚ ਸ਼ਹਿਰ ਵਾਸੀਆਂ ਦੀ ਸੇਵਾ ਲਈ ਦਿਨ ਰਾਤ ਆਪਣੀ ਡਿਊਟੀਆਂ ਨਿਭਾਉਣ ਲਈ ਹਦਾਇਤਾਂ ਕੀਤੀਆ ਗਈਆਂ ਹਨ।

ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਥੇ ਨਗਰ ਨਿਗਮ ਅੰਮ੍ਰਿਤਸਰ ਜਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਕਰਕੇ ਆਪਣੀਆਂ ਸੇਵਾਵਾਂ ਦੇ ਰਿਹਾਂ ਹੈ ਉਥੇ ਸ਼ਹਿਰ ਵਾਸੀਆਂ ਵੱਲੋ ਵੀ ਸ਼ਹਿਰ ਨੂੰ ਸਾਫ ਸੁਥਰਾ ਬਣਾਏ ਰੱਖਣ ਲਈ ਆਪਣਾ ਸਹਿਯੋਗ

# ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਕੀਤੀ ਮੀਟਿੰਗ



ਤਪਾ ਮੰਡੀ,-ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਇਕਾਈ ਤਪਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਚਾਨਣ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿਚ ਸਮੂਹ ਪੈਨਸ਼ਨਰ ਸਾਥੀਆਂ ਨੇ ਭਾਗ ਲਿਆ।ਮੀਟਿੰਗ ਦੌਰਾਨ ਵੱਖ ਵੱਖ ਪੈਨਸ਼ਨਰ ਸਾਥੀਆਂ ਸੁਖਦੇਵ ਸ਼ਰਮਾ, ਵਰਿੰਦਰ ਸਿੰਘ,ਭਾਰਤ ਭੂਸ਼ਣ,ਜੋਗਿੰਦਰ ਨਾਥ ਅਤੇ ਭਜਨ ਸਿੰਘ ਨੇ ਪਿਛਲੇ ਦਿਨੀ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਦਹਿਸ਼ਤਗਰਦਾਂ ਵੱਲੋਂ ਕੀਤੇ ਕਾਇਰਾਨਾ ਅਤੇ ਅਣਮਨੁੱਖੀ ਕਤਲੇਆਮ ਦੀ ਆਲੋਚਨਾ ਕੀਤੀ ਅਤੇ ਇਸਦੇ ਜਵਾਬ ਵਜੋਂ ਭਾਰਤੀ ਸੈਨਾ ਵੱਲੋਂ ਆਪ੍ਰੇਸ਼ਨ ਸਿੰਦੂਰ ਅਧੀਨ 7 ਮਈ ਨੂੰ ਪਾਕਿਸਤਾਨ ਵਿਖੇ ਮੌਜੂਦ ਅੱਤਵਾਦ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਉਹਨਾਂ ਨੂੰ ਤਬਾਹ ਕਰ ਦਿੱਤਾ। ਭਾਰਤੀ ਸੈਨਾ ਦੀ ਸੂਝ ਬੂਝ ਅਤੇ ਬਹਾਦਰੀ ਦੀ ਪ੍ਰਸ਼ੰਸਾ ਕੀਤੀ । ਇਸ ਤੋਂ ਇਲਾਵਾ ਪੰਜਾਬ ਸਰਕਾਰ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਪੈਂਡਿੰਗ ਮੰਗਾ ਪੂਰੀਆਂ ਨਾ ਕਰਨ ਦੀ ਪੁਰਜ਼ੋਰ ਸ਼ਬਦਾਂ ਚ ਨਿਖੇਧੀ ਕੀਤੀ ਅਤੇ ਨਾਲ ਹੀ ਇਹ ਮੰਗ ਕੀਤੀ ਕਿ ਪੈਨਸ਼ਨਰਾਂ ਨੂੰ ਉਨਾਂ ਦੇ ਰਹਿੰਦੇ ਬਕਾਏ ਦੀ ਤੁਰੰਤ ਅਦਾਇਗੀ ਕੀਤੀ ਜਾਵੇ। ਅੰਤ ਵਿਚ ਚਾਨਣ ਸਿੰਘ ਪ੍ਰਧਾਨ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਇਕਾਈ ਤਪਾ ਨੇ ਸਾਰੇ ਹਾਜ਼ਰ ਸਾਥੀਆਂ ਦਾ ਮੀਟਿੰਗ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ। ਇਸ ਮੀਟਿੰਗ ਵਿਚ ਸਕੱਤਰ ਭਾਰਤ ਭੂਸ਼ਣ ,ਮਲਕੀਤ ਸਿੰਘ,ਹਮੀਰ ਸਿੰਘ,ਵਰਿੰਦਰ ਸਿੰਘ, ਪ੍ਰੇਮ ਨਾਥ, ਰਾਮੇਸ਼ਵਰ ਦਾਸ, ਸ਼ਾਮ ਲਾਲ,ਨਾਹਰ ਸਿੰਘ, ਮੇਜਰ ਸਿੰਘ ,ਪ੍ਰਕਾਸ਼ ਚੰਦ,ਪਵਨ ਕੁਮਾਰ,ਗੁਰਬਖਸ਼ ਸਿੰਘ,ਜੋਰਾ ਸਿੰਘ ,ਮੇਵਾ ਸਿੰਘ,ਭਜਨ ਸਿੰਘ, ਦਰਸ਼ਨ ਸਿੰਘ, ਰੇਸ਼ਮ ਸਿੰਘ, ਅਜਮੇਰ ਸਿੰਘ , ਜੱਗਾ ਸਿੰਘ,ਕੇਵਲ ਕ੍ਰਿਸ਼ਨ,ਦੇਵਰਾਜ , ਬਲਦੇਵ ਰਾਮ,ਬਬਲੂ ਰਮ,ਪੁਰਸ਼ੋਤਮ ਦਾਸ,ਬਲਵੀਰ ਚੰਦ ,ਸ੍ਰੀਪਾਲਹਰਪਾਲ ਕੌਰ, ਕੈਲਾਸ਼ ਦੇਵੀ ਗੁਰਦੇਵ ਕੌਰ ਆਦਿ ਹਾਜ਼ਰ ਸਨ।

# ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਸ਼ਾਂਤੀਪੂਰਨ, ਅੱਜ ਖੁੱਲ੍ਹਣਗੇ ਵਿਦਿਅਕ ਅਦਾਰੇ: ਡਿਪਟੀ ਕਮਿਸ਼ਨਰ



ਬਰਨਾਲਾ,- ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਸ਼ਾਂਤੀਪੂਰਨ ਹੈ। ਉਨ੍ਹਾਂ ਨੇ ਪਿਛਲੇ ਦਿਨੀਂ ਤਣਾਅਪੂਰਨ ਸਥਿਤੀ ਦੌਰਾਨ ਪ੍ਰਸ਼ਾਸਨ ਨੂੰ ਦਿੱਤੇ ਸਹਿਯੋਗ ਲਈ ਬਰਨਾਲਾ ਵਾਸੀਆਂ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਹੁਣ ਜ਼ਿਲ੍ਹਾ ਵਾਸੀ ਆਮ ਸਮੇਂ ਵਾਂਗ ਆਪਣਾ ਕੰਮ ਮੁੜ ਸ਼ੁਰੂ ਕਰ ਸਕਦੇ ਹਨ। ਹਾਲਾਂਕਿ ਡਰੋਨ ਉਡਾਉਣ ਤੇ ਪਾਬੰਦੀ ਲਾਗੂ ਹੈ ਅਤੇ ਜ਼ਿਲ੍ਹੇ ਦੇ ਅੰਦਰ ਕਿਸੇ ਵੀ ਵਿਅਕਤੀ ਨੂੰ ਡਰੋਨ ਉਡਾਉਣ ਦੀ ਇਜਾਜ਼ਤ ਨਹੀਂ ਹੈ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਰੱਖਿਆ ਅਧਿਕਾਰੀਆਂ ਦੇ ਨਾਲ ਲਗਾਤਾਰ ਸੰਪਰਕ ਵਿੱਚ ਹੈ, ਕਿਸੇ ਵੀ ਲੋੜ ਦੀ ਸਥਿਤੀ ਵਿੱਚ, ਪ੍ਰਸ਼ਾਸਨ ਜਨਤਾ ਨੂੰ ਸੂਚਿਤ ਕਰੇਗਾ ਤੇ ਤੁਰੰਤ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸਕੂਲ ਅਤੇ ਕਾਲਜ ਭਲਕੇ ਮਿਤੀ 13 ਮਈ ਤੋਂ ਆਮ ਦਿਨਾਂ ਵਾਂਗ ਖੁੱਲ੍ਹਣਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਤੇ ਵਿਸ਼ਵਾਸ ਨਾ ਕੀਤਾ ਜਾਵੇ ਅਤੇ ਕਿਸੇ ਵੀ ਸਥਿਤੀ ਵਿੱਚ ਕੰਟਰੋਲ ਰੂਮ ਦੇ ਨੰਬਰਾਂ 01679-233031, 97795-45100, 98726-00040 ਤੇ ਸੰਪਰਕ ਕੀਤਾ ਜਾਵੇ।

# ਜਨਤਾ ਸੇਵਾ ਸਮਿਤੀ ਰਜਿ ਫਗਵਾੜਾ ਵਲੋਂ 39ਵੇ ਵਰ੍ਹੇ ਚ ਪ੍ਰਵੇਸ਼ ਕਰਨ ਤੇ ਜਲ ਸੇਵਾ ਦਾ ਹੋਇਆ ਆਰੰਭ





ਫਗਵਾੜਾ ( ਸੁਸ਼ੀਲ ਸ਼ਰਮਾ) ਭਾਈ ਘਨ੍ਹਈਆ ਜੀ ਦੇ ਦਰਸਾਏ ਮਾਰਗ ਤੇ ਚਲਦਿਆਂ ਜਨਤਾ ਸੇਵਾ ਸਮਿਤੀ ਰਜਿ ਫਗਵਾੜਾ ਵਲੋਂ ਪਾਣੀ ਪਿਲਾਆਉਣ ਦੀ ਸੇਵਾ ਪਿਛਲੇ 38 ਸਾਲਾ ਤੋਂ ਨਿਰੰਤਰ ਜਾਰੀ ਹੈ ਅਤੇ ਹੁਣ ਇਸ ਦੇ 39ਵੇ ਵਰ੍ਹੇ ਚ ਪ੍ਰਵੇਸ਼ ਕਰਨ ਤੇ ਅੱਜ ਗਰਮੀ ਦੇ ਮੌਸਮ ਨੂੰ ਵੇਖਦਿਆ ਹੋਇਆ ਜੰਤਾ ਸੇਵਾ ਸਮਿਤੀ ਰਜਿ ਫਗਵਾੜਾ ਵਲੋਂ ਰੇਲਵੇ ਸਟੇਸ਼ਨ ਫਗਵਾੜਾ ਵਿਖੇ ਇਸ ਦੀ ਸ਼ੁਰੂਆਤ ਕੀਤੀ ਗਈ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ੍ਰੀ ਵਿਜੇ ਚੋਪੜਾ ( ਮੁੱਖ ਸੰਪਾਦਕ ਪੰਜਾਬ ਕੇਸਰੀ ਗਰੁੱਪ ) ਅਤੇ ਸ੍ਰੀ ਸੋਮ ਪ੍ਰਕਾਸ਼ ਕੈਂਥ (ਸਾਬਕਾ ਕੇਂਦਰੀ ਮੰਤਰੀ ਭਾਰਤ ਸਰਕਾਰ ) ਸ੍ਰੀਮਤੀ ਅਨੀਤਾ ਸੋਮ ਪ੍ਰਕਾਸ਼ ( ਸਮਾਜ ਸੇਵਿਕਾ) ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਜਦਕਿ ਸ੍ਰੀ ਪਰਮਦੀਪ ਸਿੰਘ ਸੈਣੀ (ਸੀਨੀਅਰ ਡੀ ਸੀ ਐਮ) ਸ੍ਰੀ ਰਾਮ ਪਾਲ ਉੱਪਲ (ਮੇਅਰ ਨਗਰ ਨਿਗਮ ਫਗਵਾੜਾ ਉਚੇਚੇ ਤੌਰ ਤੇ ਸ਼ਾਮਿਲ ਹੋਏ ਇਸ ਮੌਕੇ ਪਰਮਦੀਪ ਸਿੰਘ ਸੈਣੀ (ਸੀਨੀਅਰ ਡੀ ਸੀ ਐਮ) ਨੇ ਸਮੂਚੇ ਫਗਵਾੜਾ ਰੇਲਵੇ ਸਟੇਸ਼ਨ ਦਾ ਦੌਰਾ ਕਰ ਸਟੇਸ਼ਨ ਵਿਖੇ ਆ ਰਹੀਆ ਕਮੀਆ ਘਾਟਾ ਬਾਰੇ ਜਾਣਕਾਰੀ ਹਾਸਿਲ ਕਰ ਜਲਦ ਉਸ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਇਸ ਮੌਕੇ ਭੈਣ ਜੀ ਬੀ ਕੇ ਸੁਮਨ , ਅਰੁਣ ਖੋਸਲਾ, ਮਲਕੀਅਤ ਸਿੰਘ ਰਘਬੋਤਰਾ , ਬੀਬੀ ਸਰਬਜੀਤ ਕੌਰ ਸਾਬਕਾ ਕੋਸਲਰ , ਵਿਪਨ ਖੁਰਾਨਾ ਪ੍ਰਧਾਨ ਜੰਤਾ ਸੇਵਾ ਸਮਿਤੀ ਫਗਵਾੜਾ , ਜੁਗਲ ਕਿਸ਼ੋਰ ਚਾਨੰਨਾ , ਸੁਰਿੰਦਰ ਸੋਹੀ , ਬਲਦੇਵ ਕ੍ਰਿਸ਼ਨ ਕਾਲਾ, ਪ੍ਰੇਮ ਬੱਬਰ , ਮੁਕੇਸ਼ ਗਰੋਵਰ , ਦੀਪਕ , ਪ੍ਰਦੀਪ ਆਹੂਜਾ , ਸੰਜੂ ਚਾਹਲ , ਜਸਵਿੰਦਰ ਸਿੰਘ ਭਗਤਪੁਰਾ , ਰਣਜੀਤ ਪਾਬਲਾ , ਸੰਜੀਵ ਸ਼ਰਮਾ ਟੀਟੂੰ , ਗੁਰਜੀਤ ਸਿੰਘ ਵਾਲੀਆ , ਸ਼ਵਿੰਦਰ ਨਿਸ਼ਚਲ ਸੰਮੀ , ਡਾ ਰਮਨ , ਜੀਵਨ ਸੰਘਾ , ਪ੍ਰਵੀਨ ਕਨੋਜੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪੱਤਵੰਤੇ ਮੋਜੂਦ ਸਨ ਇਸ ਮੌਕੇ ਸਮਾਜ ਸੇਵਾ ਦੇ ਖੇਤਰ ਚ ਅਪਣੀਆ ਵੱਢਮੂਲੀਆ ਸੇਵਾਵਾਂ ਨਿਭਾ ਰਹੇ ਸ੍ਰੀ ਸਤੀਸ਼ ਬਤਰਾ ਨੂੰ ਭਾਈ ਘਨ੍ਹਈਆ ਜੀ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ

# ਪਾਵਰਕਾਮ ਤਪਾ-1 ਦੇ ਸਮੁੱਚੇ ਸਟਾਫ ਵੱਲੋਂ ਜੇ.ਈ ਅਮਨਦੀਪ ਸਿੰਘ ਦਾ ਸਨਮਾਨ



ਤਪਾ ਮੰਡੀ,- ਪਾਵਰਕਾਮ ਤਪਾ-1 ਦੇ ਐਸ.ਡੀ.ਓ ਰਾਮ ਸਿੰਘ ਵੱਲੋਂ ਸਮੁੱਚੇ ਸਟਾਫ ਸਮੇਤ ਇੰਜ:ਅਮਨਦੀਪ ਸਿੰਘ ਸਿੱਧੂ ਦੀ ਬਦਲੀ ਹੋਣ ਤੇ ਵਧੀਆ ਸੇਵਾਵਾਂ ਨਿਭਾਉਣ ਬਦਲੇ ਸਨਮਾਨਿਤ ਕੀਤਾ ਅਤੇ ਪਾਰਟੀ ਦਿੱਤੀ।ਇਸ ਮੌਕੇ ਐਸ.ਡੀ.ਓ ਰਾਮ ਸਿੰਘ ਨੇ ਕਿਹਾ ਕਿ ਜੇ.ਈ ਅਮਨਦੀਪ ਸਿੰਘ ਨੇ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਈ ਹੈ, ਜਿਸਦੀ ਜਿੰਨੀ ਸਲਾਘਾ ਕੀਤੀ ਜਾਵੇ ਉਨੀ ਥੋੜੀ ਹੈ। ਉਪਰੰਤ ਜੇ.ਈ ਅਮਨਦੀਪ ਸਿੰਘ ਨੇ ਸਮੁੱਚੇ ਸਟਾਫ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਭਾਵੇਂ ਉਹਨਾਂ ਦੀ ਬਦਲੀ ਖਨੌਰੀ ਵਿਖੇ ਹੋ ਗਈ ਹੈ। ਪ੍ਰੰਤੂ ਉਹ ਸਟਾਫ ਵੱਲੋਂ ਦਿੱਤੇ ਗਏ ਮਾਨ ਸਨਮਾਨ ਨੂੰ ਕਦੇ ਵੀ ਨਹੀਂ ਭੁੱਲਣਗੇ। ਇਸ ਮੌਕੇ ਏ.ਏ.ਈ ਸੁਖਵਿੰਦਰ ਸਿੰਘ,ਤਰਲੋਚਨ ਸਿੰਘ ਖਪਤਕਾਰ ਕਲਰਕ, ਆਰ.ਏ ਰਜਨੀ ਗੋਇਲ, ਯੂਡੀਸੀ ਕਾਜਲ, ਕੈਸ਼ੀਅਰ ਹਰਬੰਸ ਕੌਰ, ਐਸਡੀਸੀ ਰਜਿੰਦਰ ਸਿੰਘ,ਕੁਲਦੀਪ ਸਿੰਘ, ਲਾਈਨਮੈਨ ਗੁਰਮੀਤ ਸਿੰਘ, ਲਾਈਨਮੈਨ ਕੇਵਲ ਸਿੰਘ, ਲਾਈਨਮੈਨ ਸੁਖਪਾਲ ਸਿੰਘ ਆਦਿ ਹਾਜਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਿੰਡ ਘੜੈਲਾ ਚ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ।

ਤਪਾ ਮੰਡੀ - ਇੱਥੋ ਨੇੜਲੇ ਪਿੰਡ ਘੜੈਲਾ ਦੇ ਗੁਰਦੁਆਰਾ ਸਾਹਿਬ ਵਿਖੇ ਜੱਥੇਦਾਰ ਕੁਲਵਿੰਦਰ ਸਿੰਘ ਧਨੌਆ ਘੜੈਲਾ ਤੇ ਗੁਰੂ ਘਰ ਦੇ ਗ੍ਰੰਥੀ ਬਾਬਾ ਪਿਆਰਾ ਸਿੰਘ ਦੇ ਉਦਮ ਸਦਕਾ ਨਗਰ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਛੋਟੇ ਬੱਚਿਆਂ ਅਤੇ ਨੌਜਵਾਨਾਂ ਦੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਦਸਤਾਰ ਮੁਕਾਬਿਲਆਂ ਦੀ ਸਟੇਜ ਨੂੰ ਸਜਾਉਣ, ਰੰਗ ਦੇਣ ਅਤੇ ਨੌਜਵਾਨ ਪੀੜੀ ਨੂੰ ਉਤਸ਼ਾਹਿਤ ਕਰਨ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਮਹਿਰੋ ਵਿਸ਼ੇਸ਼ ਤੌਰ ਤੇ ਪਹੁੰਚੇ। ਇੰਨਾ ਮੁਕਾਬਿਲਆਂ ਵਿਚ ਸਾਢੇ ਪੰਜ ਸਾਲਾਂ ਦੇ ਬੱਚੇ ਹਰਯਸ ਸਿੰਘ ਪੁੱਤਰ ਹਰਦੀਪ ਸਿੰਘ ਘੜੈਲਾ (ਲਾਣਾ ਬੁੱਢਣਕਾ) ਨੇ ਸਮੂਹ ਜੱਜਸ ਸਾਹਿਬਾਨਾਂ ਦਾ ਸੁੰਦਰ ਦਸਤਾਰ ਸਜਾਉਣ ਵਿਚ ਮਨ ਮੋਹ ਲਿਆ। ਜਿਸ ਨੂੰ ਦਸਤਾਰ, ਸ਼ੀਲਡ ਅਤੇ ਸਿਰਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ।ਬੱਚਿਆਂ, ਨੌਜਵਾਨਾਂ ਨੂੰ ਦਸਤਾਰ ਸਜਾਉਣ ਦੀ ਸਿਖਲਾਈ 7 ਦਿਨ ਦੇ ਕੈਂਪ ਦੌਰਾਨ ਕੋਚ ਸਰਦਾਰ ਗੁਰਦਿੱਤ ਸਿੰਘ ਰਾਮਗੜ੍ਹੀਆ ਵੱਲੋਂ ਬਹੁਤ ਵਧੀਆ ਢੰਗ ਅਤੇ ਨਿਰਮਤਾ ਸਹਿਤ ਦਿੱਤੀ ਗਈ ਜਿਸ ਦੀ ਪਿੰਡ ਵਾਸੀਆਂ, ਬੱਚਿਆਂ ਅਤੇ ਨੌਜਵਾਨਾਂ ਵੱਲੋਂ ਬਹੁਤ ਪ੍ਰਸ਼ੰਸਾ ਕੀਤੀ ਗਈ।ਇੰਨਾ ਮੁਕਾਬਿਲਆਂ ਵਿਚ ਛੋਟੇ ਬੱਚਿਆਂ ਤੋਂ ਇਲਾਵਾ 8 ਤੋਂ 14 ਸਾਲ ਤੇ ਉਸ ਤੋਂ ਵੱਡੀ ਉਮਰ ਦੇ ਨੌਜਵਾਨਾਂ ਦੇ ਮੁਕਾਬਲਿਆਂ ਪ੍ਰਤੀ ਦੋ ਯੁਨਿਟ ਬਣਾਏ ਗਏ ਜਿਸ ਵਿੱਚ ਵੱਧ ਸੁੰਦਰ ਦਸਤਾਰ ਸਜਾਉਣ ਵਾਲੇ ਵਿਅਕਤੀਆਂ ਨੂੰ ਫਸਟ,ਸੈਕਿੰਡ ਅਤੇ ਥਰਡ ਪੁਜੀਸ਼ਨ ਦੇ ਕੇ ਨਵਾਜਿਆ ਗਿਆ। ਇਸ ਮੌਕੇ 8 ਤੋ 14 ਸਾਲ ਦੀ ਉਮਰ ਦੇ ਪ੍ਰਦੀਪ ਸਿੰਘ ਪੁੱਤਰ ਜਗਸੀਰ ਸਿੰਘ ਵਾਸੀ ਬੱਲੋਂ ਨੇ ਪਹਿਲਾਂ ਸਥਾਨ, ਇਕਬਾਲ ਸਿੰਘ ਪੁੱਤਰ ਅਜੈਬ ਸਿੰਘ ਬੱਲੋਂ ਨੇ ਦੂਸਰਾ, ਦੀਸ਼ਾਂਤਦੀਪ



ਸਿੰਘ ਪੁੱਤਰ ਸੁਖਦੀਪ ਸਿੰਘ ਵਾਸੀ ਘੜੈਲਾ ਨੇ ਤੀਸਰਾ ਸਥਾਨ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਵਿਚ ਪ੍ਰਾਪਤ ਕੀਤਾ। ਉਸ ਤੋਂ ਵੱਧ ਉਮਰ ਦੇ ਨੌਜਵਾਨ ਜਸਪ੍ਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਨੇ ਪਹਿਲਾ, ਗੁਰਕੀਰਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਨੇ ਦੂਜਾ ਤੇ ਮਹਿੰਦਰ ਸਿੰਘ ਪੁੱਤਰ ਗੁਰਸੇਵਕ ਸਿੰਘ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਸੁੰਦਰ ਦਸਤਾਰ ਸਜਾਉਣ ਵਾਲੇ ਵਿਅਕਤੀਆਂ ਨੂੰ ਸਿਰਪਾਓ ਅਤੇ ਸ਼ੀਲਡ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਖਾਲਸਾ ਭਾਈ ਅੰਮ੍ਰਿਤਪਾਲ ਸਿੰਘ ਮਹਿਰੋ ਨੇ ਗੁਰਦੁਆਰਾ ਸਾਹਿਬ ਵਿਖੇ ਇਕੱਠੀ ਹੋਈ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਸਤਾਰ ਕੋਈ ਵੀ ਉੱਚੀ ਨੀਵੀਂ ਅਤੇ ਘਟੀਆ ਨਹੀਂ ਹੁੰਦੀ ਸਗੋਂ ਸਿਰ ਤੇ ਦਸਤਾਰ ਸਜਾਉਣ ਨਾਲ ਸਿਰ ਉੱਚਾ ਹੁੰਦਾ ਹੈ।ਇਹ ਮੁਕਾਬਲੇ ਬੱਚਿਆਂ ਅਤੇ ਨੌਜਵਾਨਾਂ ਵਿਚ ਉਤਸ਼ਾਹ ਭਰਨ ਲਈ ਕਰਵਾਏ ਜਾਂਦੇ ਹਨ। ਉਨ੍ਹਾਂ ਨੌਜਵਾਨ ਪੀੜੀ ਨੂੰ ਕਿਹਾ ਕਿ ਨਸ਼ਿਆਂ ਦੀ ਦਲਦਲ ਵਿਚੋਂ ਨਿਕਲਣ ਦਾ ਇੱਕੋ ਇੱਕ ਤਰੀਕਾ ਹੈ ਗੁਰੂ ਵਾਲੇ ਬਣੋ ਗੁਰੂ ਦੀ ਬਾਣੀ ਨਾਲ ਜੁੜੇ,ਨਿਤ ਦਿਨ ਗੁਰਦੁਆਰਾ ਸਾਹਿਬ ਪਹੁੰਚ ਕੇ ਵਹਿਗੁਰੂ ਦਾ ਜਾਪ ਕਰੋ ਜਿਸ ਨਾਲ ਸਹਿਤ ਵੀ ਸੁੰਦਰ ਹੋਵੇਗੀ ਤੇ ਸਿਰ ਤੇ ਦਸਤਾਰ ਵੀ ਸੁੰਦਰ ਲੱਗੇਗੀ। ਇਸ ਮੌਕੇ ਭਾਈ ਗੁਰਪ੍ਰੀਤ ਸਿੰਘ ਬੱਲੋਂ,ਭਾਈ ਜਗਸੀਰ ਸਿੰਘ ਤਾਜੋਕੇ ਗੁਰਦੁਆਰਾ ਨਾਨੂਆਣਾ ਸਾਹਿਬ,ਭਾਈ ਸੁਖਪਾਲ ਸਿੰਘ ਡਿੱਖ ਨੇ ਵੀ ਨੌਜਵਾਨ ਪੀੜੀ ਨੂੰ ਗੁਰੂ ਘਰ ਨਾਲ ਜੁੜਣ ਦਾ ਉਪਦੇਸ਼ ਦਿੱਤਾ ਉਨ੍ਹਾਂ ਕਿਹਾ ਗੁਰੂ ਤੋਂ ਬਿਨਾਂ ਕੋਈ ਗਿਆਨ ਨਹੀਂ ਹੈ । ਦਸਾਂ ਪਾਤਸ਼ਾਹੀਆਂ ਨੇ ਮਨੁੱਖ ਨੂੰ ਸਹੀ ਰਸਤਾ ਦਿਖਾਇਆ ਹੈ ਪਰ ਆਪਾਂ ਹੀ ਪੁੱਠੇ ਰਾਹ ਪੈ ਜਾਂਦੇ ਹਾਂ। ਗੁਰੂ ਦੀ ਬਾਣੀ ਨਾਲ ਜੁੜਕੇ ਸਾਨੂੰ ਬਹੁਤ ਕੁਝ ਮਿਲਦਾ ਹੈ ਸਭ ਤੋਂ ਪਹਿਲਾਂ ਮਨ ਨੂੰ ਸਕੂਨ ਮਿਲਦਾ ਹੈ। ਇਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਗਿਆਨ ਹੋਣਾ ਜ਼ਰੂਰੀ ਹੈ ਤੇ ਗੁਰੁ ਦਸਮੇਸ਼ ਪਿਤਾ ਜੀ ਦੇ ਦੱਸੇ ਮਾਰਗ ਤੇ ਚਲਦਿਆਂ ਅਮ੍ਰਿਤ ਪਾਨ ਕਰ ਲੈਣਾ ਚਾਹੀਦਾ ਹੈ ਤਾਂ ਜ਼ੋ ਨਸ਼ਿਆਂ ਵੱਲ ਧਿਆਨ ਹੀ ਨਾ ਜਾਵੇ। ਇਸ ਮੌਕੇ ਸਤਨਾਮ ਵਹਿਗੁਰੂ, ਸਤਨਾਮ ਵਹਿਗੁਰੂ ਜੀ ਦਾ ਜਪੁ ਕੀਤਾ ਗਿਆ।ਇਸ ਮੌਕੇ ਬੀਬੀ ਕਿਰਨ ਕੌਰ ਖਾਲਸਾ,ਬਾਬਾ ਪਿਆਰਾ ਸਿੰਘ, ਜੱਥੇਦਾਰ ਕੁਲਵਿੰਦਰ ਸਿੰਘ, ਭਾਈ ਰਣਜੀਤ ਸਿੰਘ ਖਾਲਸਾ,ਰਿਟਾਇਰ ਏਐਸਆਈ ਪਰਸਨ ਸਿੰਘ ਮਾਨ ਘੜੈਲਾ,ਰਾਜਾ ਸਿੰਘ ਫੌਜੀ, ਕਰਨੈਲ ਸਿੰਘ ਸਾਬਕਾ ਸਰਪੰਚ, ਦਰਸ਼ਨ ਸਿੰਘ, ਬਲਵੀਰ ਸਿੰਘ ਪੰਮੀ, ਮਨਦੀਪ ਸਿੰਘ ਪੰਚ,ਪ੍ਰਗਟ ਸਿੰਘ ਪੰਚ,ਮੇਜਰ ਸਿੰਘ ਸਿੱਖ, ਮਨਦੀਪ ਸਿੰਘ ਖਾਲਸਾ, ਗੁਰਦੇਵ ਸਿੰਘ,ਗੁਰਚਰਨ ਸਿੰਘ,ਪ੍ਰਗਟ ਸਿੰਘ, ਨਰਿੰਦਰ ਸਿੰਘ ਭੁੱਲਰ,ਕਾਲਾ ਸਿੰਘ,ਲੱਖਾਂ ਸਿੰਘ, ਦਸੌਂਦਾ ਸਿੰਘ,ਰਾਜਾ ਸਿੰਘ ਸਾਬਕਾ ਪੰਚ,ਜੱਗੀ ਸਿੰਘ ਹਾਜ਼ਰ ਸਨ। ਇਸ ਮੌਕੇ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ ਤੇ ਅੰਤ ਵਿਚ ਗੁਰੂ ਕਾ ਲੰਗਰ ਅਤੁੱਟ ਵਰਤਿਆ ਗਿਆ।

# ਖ਼ੂਨ ਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ:- ਐਸ.ਡੀ.ਐਮ ਸਿਮਰਪ੍ਰੀਤ ਕੌਰ



ਤਪਾ ਮੰਡੀ,-ਖ਼ੂਨਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ, ਕਿਉਂਕਿ ਖ਼ੂਨਦਾਨ ਮਹਾਂਦਾਨ ਹੈ ਅਤੇ ਖ਼ੂਨਦਾਨ ਕਰਨ ਨਾਲ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾਂ ਸਕਦਾ ਹੈ। ਖ਼ੂਨ ਦੀ ਇੱਕ ਇੱਕ ਬੂੰਦ ਕੀਮਤੀ ਹੈ ਜੋ ਕਿਸੇ ਵੀ ਲੋੜਵੰਦ ਵਿਅਕਤੀ ਨੂੰ ਜੀਵਨ ਦਾਨ ਦੇ ਸਕਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਐਸ.ਡੀ.ਐਮ ਤਪਾ ਮੈਡਮ ਸਿਮਰਪ੍ਰੀਤ ਕੌਰ ਅਤੇ ਡੀ.ਐਸ.ਪੀ ਗੁਰਬਿੰਦਰ ਸਿੰਘ ਤਪਾ ਨੇ ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਸਿਵਲ ਹਸਪਤਾਲ ਤਪਾ ਵਿਖੇ ਲਾਏ ਗਏ ਖ਼ੂਨਦਾਨ ਕੈਂਪ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਆਖਿਆ ਕਿ ਇਸ ਖ਼ੂਨਦਾਨ ਕੈਂਪ ਦਾ ਮੁੱਖ ਮਕਸਦ ਐਮਰਜੈਂਸੀ ਸਥਿਤੀ ਲਈ ਅਗਾਊਂ ਖ਼ੂਨ ਜਮ੍ਹਾਂ ਕਰਨਾ ਹੈ। ਕਿਉਂਕਿ ਅੱਜ ਇਸ ਸਥਿਤੀ ਦੇ ਚਲਦਿਆਂ ਦੇਸ਼ ਲਈ ਹਰ ਨੌਜਵਾਨ ਖ਼ੂਨ ਦਾ ਕਤਰਾ-ਕਤਰਾ ਤੱਕ ਦਾਨ ਕਰਨ ਲਈ ਤਿਆਰ ਹੈ। ਇਸ ਮੌਕੇ ਡਾਕਟਰ ਅਮਿਤ ਕੁਮਾਰ ਨੇ ਦੱਸਿਆ ਕਿ ਖ਼ੂਨਦਾਨ ਕਰਨ ਨਾਲ ਕਿਸੇ ਵੀ ਤਰ੍ਹਾਂ ਦੀ ਕਮਜ਼ੋਰੀ ਨਹੀਂ ਆਉਂਦੀ ਬਲਕਿ ਮਨ ਨੂੰ ਇੱਕ ਸੰਤੁਸ਼ਟੀ ਮਿਲਦੀ ਹੈ, ਅਸੀਂ ਇਹ ਦਾਨ ਕਰਕੇ ਇਕ ਲੋੜਵੰਦ ਵਿਅਕਤੀ ਨੂੰ ਜੀਵਨ ਪ੍ਰਦਾਨ ਕਰ ਸਕਦੇ ਹਾਂ। ਕੈਂਪ ਦੌਰਾਨ ਸਿਵਲ ਹਸਪਤਾਲ ਬਰਨਾਲਾ ਤੋਂ ਪੁੱਜੀ ਬਲੱਡ ਬੈਂਕ ਦੀ ਟੀਮ ਦੇ ਲੈਬ ਟੈਕਨੀਸ਼ੀਅਨ ਕਮਲਦੀਪ ਸਿੰਘ, ਕੌਂਸਲਰ ਹਰਮਨ ਕੌਰ, ਸਟਾਫ ਨਰਸ ਮਨਦੀਪ ਕੌਰ,ਅਟੈਂਡੈਂਟ ਕੁਲਵਿੰਦਰ ਸਿੰਘ ਆਦ ਟੀਮ ਵੱਲੋਂ 60 ਦੇ ਕਰੀਬ ਯੂਨਿਟ ਖ਼ੂਨ ਇਕੱਠਾ ਕੀਤਾ ਗਿਆ ਉਪਰੰਤ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਇਸ ਮੌਕੇ ਵਲੋਂ ਜੈ ਮਲਾਪ , ਸ਼ਹੀਦ ਭਗਤ ਸਿੰਘ ਪ੍ਰੈਸ ਕਲੱਬ ਤਪਾ, ਹੈਪੀ ਕਲੱਬ ਤਪਾ, ਖੁਸ਼ਦੀਪ ਗਰਗ ਤੋਂ ਇਲਾਵਾ ਸ਼੍ਰੀ ਗੁਰੂ ਤੇਗ ਬਹਾਦਰ ਨਰਸਿੰਗ ਇੰਸਟੀਟਿਊਟ ਬੱਲੋਂ (ਬਠਿੰਡਾ) ਦੀ ਪ੍ਰਿੰਸੀਪਲ ਮਨਜੀਤ ਕੌਰ ਦੀ ਅਗਵਾਈ ਹੇਠ ਪੁੱਜੇ ਜੀ.ਐਨ.ਐਮ ਵਿਦਿਆਰਥਣਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਸਬ ਇੰਸਪੈਕਟਰ ਮੈਡਮ ਰੇਨੂ ਪਰੋਚਾ,ਸੁਪਰਡੈਂਟ ਰੇਸ਼ਮ ਸਿੰਘ, ਹਰਜਿੰਦਰ ਸਿੰਘ ਹੈਰੀ ਰੀਡਰ ਟੂ ਐਸ.ਡੀ.ਐਮ ਤਪਾ,ਭਗਵਾਨ ਸਿੰਘ,ਧਰਮਿੰਦਰ ਸਿੰਘ ਸੋਨੂ ਮਾਂਗਟ, ਬੇਅੰਤ ਮਾਂਗਟ,ਜਗਦੇਵ ਸਿੰਘ ਗੋਦੀ,ਪਵਨ ਬਤਾਰਾ,ਰਵਿੰਦਰ ਤਾਜੋ, ਸੰਦੀਪ ਭੈਣੀ, ਰਿੱਚੀ ਭੱਟਾ, ਦੀਪੂ ਮਿੱਤਲ,ਸਾਬਕਾ ਕੌਂਸਲਰ ਗੁਰਮੀਤ ਰੋੜ,ਹੇਮ ਰਾਜ ਸ਼ੰਟੀ ਮੋੜ,ਵਿੱਕੀ ਭਗਵਤੀ,ਸਚਿਨ ਗਰਗ ਕਾਲੂ, , ਸੰਦੀਪ ਵਿੱਕੀ, ਸਤਪਾਲ ਗੋਇਲ, ਰੋਕੀ ਕਪੂਰ,ਸੰਦੀਪ ਭੈਣੀ,ਰਮਨ ਕੁਮਾਰ, ਦਰਸ਼ਨ ਤਨੇਜਾ, ਗੁਰਜੰਟ ਸਿੰਘ ਲੀਲਾ ਆਦਿ ਮੌਜੂਦ ਸਨ।

# ਅੰਮ੍ਰਿਤਸਰ ਵਿੱਚ ਤੁਰਕੀ ਅਧਾਰਿਤ ਤਸਕਰ ਵੱਲੋਂ ਸਮਰਥਿਤ ਨਾਰਕੋ-ਹਵਾਲਾ ਕਾਰਟੈਲ ਦਾ ਪਰਦਾਫਾਸ਼

ਅੰਮ੍ਰਿਤਸਰ-
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੌਰਾਨ ਅੰਤਰਰਾਸ਼ਟਰੀ ਨਸ਼ਾ ਤਸਕਰੀ ਅਤੇ ਹਵਾਲਾ ਕਾਰਟੈਲ ਨੂੰ ਕਰਾਰੀ ਸੱਟ ਮਾਰਦਿਆਂ, ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਤੁਰਕੀ ਅਧਾਰਿਤ ਤਸਕਰ ਨਵਪ੍ਰੀਤ ਸਿੰਘ ਉਰਫ਼ ਨਵ ਭੁੱਲਰ ਨਾਲ ਸਬੰਧਤ ਨਾਰਕੋ-ਹਵਾਲਾ ਕਾਰਟੈਲ ਦੇ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਕਾਰਟੈਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਟੈਕਸੀ ਡਰਾਈਵਰ ਗੁਰਦੀਪ ਸਿੰਘ ਉਰਫ਼ ਸਾਬ (35), ਰਾਜਸਥਾਨ ਦੇ ਬੀਕਾਨੇਰ ਤੋਂ ਕੱਪੜਾ ਦੁਕਾਨਦਾਰ ਪਰਦੀਪ ਸ਼ਰਮਾ (29) ਅਤੇ ਲੁਧਿਆਣਾ ਦੇ ਕੱਪੜਾ ਕਾਰੋਬਾਰੀ ਮਨੀ ਸ਼ਰਮਾ (36) ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਕੋਲੋਂ 1.10 ਕਿਲੋਗ੍ਰਾਮ ਹੈਰੋਇਨ, 1.06 ਕਰੋੜ ਰੁਪਏ ਦੀ ਹਵਾਲਾ ਮਨੀ (84.02 ਲੱਖ ਰੁਪਏ ਨਕਦ ਅਤੇ 22 ਲੱਖ ਰੁਪਏ ਬੈਂਕ ਖਾਤਿਆਂ ਵਿੱਚ ਫਰੀਜ਼), ਇੱਕ ਪੈਸੇ ਗਿਣਨ ਵਾਲੀ ਮਸ਼ੀਨ ਬਰਾਮਦ ਕਰਨ ਤੋਂ ਇਲਾਵਾ ਉਨ੍ਹਾਂ ਦੀ ਸਵਿਫਟ ਡਿਜ਼ਾਇਰ ਕਾਰ (ਬਿਨਾਂ ਨੰਬਰ ਪਲੇਟ) ਨੂੰ ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਗੁਰਦੀਪ ਆਪਣੇ ਹੈਂਡਲਰ ਨਵ ਭੁੱਲਰ ਦੇ ਇਸ਼ਾਰਿਆਂ ਤੇ ਹਵਾਲਾ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਬੰਧੀ ਸਥਾਨਕ ਨੈੱਟਵਰਕ ਚਲਾ ਰਿਹਾ ਸੀ ਅਤੇ ਨਵ



ਭੁੱਲਰ ਨੇ ਉਸਨੂੰ ਅੰਮ੍ਰਿਤਸਰ ਵਿੱਚ ਛੁਪਣਗਾਹ ਵਜੋਂ ਵਰਤਣ ਲਈ ਇੱਕ ਘਰ ਅਤੇ ਕਾਰਟੈਲ ਚਲਾਉਣ ਲਈ ਸਾਰੀ ਲੌਜਿਸਟਿਕ ਸਹਾਇਤਾ ਪ੍ਰਦਾਨ ਕਰ ਰਿਹਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਦੋਸ਼ੀ ਨਵ ਭੁੱਲਰ ਵੱਖ-ਵੱਖ ਕੇਂਦਰ ਅਤੇ ਰਾਜ ਏਜੰਸੀਆਂ ਨੂੰ ਨਸ਼ੀਲੇ ਪਦਾਰਥਾਂ ਅਤੇ ਹਵਾਲਾ ਸਬੰਧੀ ਵੱਡੇ ਮਾਮਲਿਆਂ ਵਿੱਚ ਲੋੜੀਂਦਾ ਹੈ।

ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਜਾਣਕਾਰੀ ਤੇ ਕਾਰਵਾਈ ਕਰਦਿਆਂ, ਇੰਚਾਰਜ ਸੀਆਈਏ-1 ਅਮੋਲਕਦੀਪ ਸਿੰਘ ਨੇ ਪੁਲਿਸ ਟੀਮ ਨਾਲ ਮਿਲ ਕੇ ਰਣਨੀਤਕ ਤੌਰ ਤੇ ਵੱਖ-ਵੱਖ ਟੀਮਾਂ ਬਣਾਈਆਂ ਅਤੇ ਗੁਰਦੀਪ ਸਿੰਘ ਉਰਫ਼ ਸਾਬ ਨੂੰ ਲੋਕ ਹਾਰਟ ਸਕੂਲ, ਰਾਮ ਤੀਰਥ ਰੋਡ, ਅੰਮ੍ਰਿਤਸਰ ਦੇ ਨੇੜਿਓਂ ਗ੍ਰਿਫ਼ਤਾਰ ਕਰ ਲਿਆ ਅਤੇ ਉਸਦੇ ਕਬਜ਼ੇ ਵਿੱਚੋਂ ਨਸ਼ੀਲੇ ਪਦਾਰਥਾਂ ਦੀ ਖੇਪ ਅਤੇ ਡਰੱਗ ਮਨੀ ਬਰਾਮਦ ਕੀਤੀ। ਇਹ ਕਾਰਵਾਈ ਡੀਸੀਪੀ ਡਿਟੈਕਟਿਵ ਰਵਿੰਦਰਪਾਲ ਸਿੰਘ, ਏਡੀਸੀਪੀ ਡਿਟੈਕਟਿਵ ਜਗਬਿੰਦਰ ਸਿੰਘ ਅਤੇ ਏਸੀਪੀ ਡਿਟੈਕਟਿਵ ਹਰਮਿੰਦਰ ਸਿੰਘ ਸੰਧੂ ਦੀ ਨਿਗਰਾਨੀ ਹੇਠ ਕੀਤੀ ਗਈ।

ਸੀਪੀ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ, ਮੁਲਜ਼ਮ ਗੁਰਦੀਪ ਸਿੰਘ ਨੇ ਮੁਲਜ਼ਮ ਪਰਦੀਪ ਸ਼ਰਮਾ ਅਤੇ ਮਨੀ ਸ਼ਰਮਾ ਦੇ ਸ਼ਾਮਲ ਹੋਣ ਬਾਰੇ ਜ਼ਿਕਰ ਕੀਤਾ ਅਤੇ ਇਹ ਵੀ ਖੁਲਾਸਾ ਕੀਤਾ ਕਿ ਉਨ੍ਹਾਂ ਨੇ 5-5 ਲੱਖ ਰੁਪਏ ਡਰੱਗ ਮਨੀ ਡਿਲੀਵਰ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਖੁਲਾਸੇ ਉਪਰੰਤ ਪੁਲਿਸ ਟੀਮਾਂ ਨੇ ਦੋਵਾਂ ਮੁਲਜ਼ਮਾਂ ਦਾ ਸਫਲਤਾਪੂਰਵਕ ਟਰੈਕ ਕਰਕੇ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ। ਇਸ ਸਬੰਧੀ ਐਫਆਈਆਰ ਨੰਬਰ 76 ਮਿਤੀ 06-05-2025 ਨੂੰ ਐਨਡੀਪੀਐਸ ਐਕਟ ਦੀਆਂ ਧਾਰਾਵਾਂ 21-ਸੀ, 27-ਏ, 25 ਅਤੇ 29 ਤਹਿਤ ਅੰਮ੍ਰਿਤਸਰ ਦੇ ਥਾਣਾ ਛਾਉਣੀ ਵਿਖੇ ਦਰਜ ਕੀਤੀ ਗਈ ਹੈ।

# ਦੀਨਾਨਗਰ ਦੇ ਰਾਵੀ ਹੋਟਲ ਸਾਹਮਣੇ ਇਕ ਸਕੂਟੀ ਸਵਾਰ ਪਤੀ ਪਤਨੀ ਨੂੰ ਤੇਜ ਰਫਤਾਰ ਸਕਾਰਪੀਓ ਨੇ ਮਾਰੀ ਟੱਕਰ, ਸਕੂਟੀ ਸਵਾਰ ਪਤੀ ਪਤਨੀ ਦੀ ਹੋਈ ਮੌਤ



ਦੀਨਾਨਗਰ, (ਡਾ.ਰਮੇਸ਼ ਸਰੰਗਲ )- ਦੀਨਾਨਗਰ ਦੇ ਲੋਹਗੜ੍ਹ ਬਾਈਪਾਸ ਤੇ ਰਾਵੀ ਹੋਟਲ ਦੇ ਸਾਹਮਣੇ ਵੱਡਾ ਹਾਦਸਾ ਵਾਪਰਿਆ ਹੈ। ਲੋਹਗੜ੍ਹ ਬਾਈਪਾਸ ਤੇ
ਮੋਪੇਡ ਸਵਾਰ ਪਤੀ ਪਤਨੀ ਨੂੰ ਤੇਜ ਰਫ਼ਤਾਰ ਸਕਾਰਪੀਓ ਨੇ ਟੱਕਰ ਮਾਰ ਦਿੱਤੀ ਜਿਸ ਕਾਰਨ ਦੋਨਾਂ ਦੀ ਮੋਕੇ ਤੇ ਹੋਈ ਮੌਤ ਹੋ ਗਈ। ਇਸ ਸਬੰਧੀ ਮਿਲੀ ਜਾਣਕਾਰੀ ਅਨੁਸਾਰ
ਅੱਜ ਦੁਪਹਿਰ ਲੋਹਗੜ੍ਹ ਬਾਈਪਾਸ ਤੇ ਰਾਵੀ ਹੋਟਲ ਦੇ ਸਾਹਮਣੇ ਤੇਜ ਰਫਤਾਰ ਸਕਾਰਪਿਓ ਨੇ ਇੱਕ ਮੋਪੇਡ ਨੂੰ ਟੱਕਰ ਮਾਰ ਦਿੱਤੀ ਜਿਸ ਨਾਲ ਮੋਪਡ ਸਵਾਰ ਦੋਨਾਂ ਪਤੀ ਪਤਨੀ ਦੀ ਮੋਕੇ ਤੇ ਹੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਮ੍ਰਿਤਕਾ ਦੀ ਪਹਿਚਾਣ ਕਰਤਾਰ ਚੰਦ ਅਤੇ ਸ਼ਾਂਤੀ ਦੇਵੀ ਪਿੰਡ ਰਾਵਲ ਗਾਦੜੀਆਂ ਵਜੋਂ ਹੋਈ ਹੈ। ਦੀਨਾਨਗਰ ਪੁਲਿਸ ਨੇ ਮੋਕੇ ਤੇ ਪਹੁੰਚ ਕੇ ਲਾਸ਼ਾਂ ਨੂੰ ਅਤੇ ਸਕਾਰਪਿਓ ਨੂੰ ਕਬਜੇ ਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਬੱਚਿਆਂ ਲਈ ਸੜਕ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

ਪਟਿਆਲਾ, 12 ਮਈ: ਸੜਕਾਂ ਨੂੰ ਸੁਰੱਖਿਅਤ ਬਣਾਉਣ ਅਤੇ ਜ਼ਿੰਮੇਵਾਰ ਡਰਾਈਵਿੰਗ ਨੂੰ ਉਤਸ਼ਾਹਿਤ ਕਰਨ ਦੇ ਆਪਣੇ ਟੀਚੇ ਨੂੰ ਅੱਗੇ ਵਧਾਉਂਦੇ ਹੋਏ, ਹੌਂਡਾ ਮੋਟਰਸਾਈਕਲ ਅਤੇ ਸਕੂਟਰ ਇੰਡੀਆ ਨੇ ਅੱਜ ਪਟਿਆਲਾ ਵਿੱਚ ਬੱਚਿਆਂ ਲਈ ਇੱਕ ਸੜਕ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ।




ਇਸ ਪ੍ਰੋਗਰਾਮ ਵਿੱਚ ਅਪੋਲੋ ਪਬਲਿਕ ਸਕੂਲ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਾਡਲ ਟਾਊਨ ਦੇ 2400 ਤੋਂ ਵੱਧ ਵਿਦਿਆਰਥੀਆਂ ਅਤੇ ਸਟਾਫ਼ ਨੇ ਹਿੱਸਾ ਲਿਆ। ਇਹ ਪ੍ਰੋਗਰਾਮ ਸੜਕ ਸੁਰੱਖਿਆ ਬਾਰੇ ਸਿੱਖਣ ਅਤੇ ਸਮਝਣ ਲਈ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਇੰਟਰਐਕਟਿਵ ਸੈਸ਼ਨ ਅਤੇ ਪ੍ਰੈਕਟੀਕਲ ਸਿਖਲਾਈ ਸ਼ਾਮਲ ਸੀ।

ਹੌਂਡਾ ਦੇ ਇਸ ਪ੍ਰੋਗਰਾਮ ਦਾ ਉਦੇਸ਼ ਲੋਕਾਂ ਨੂੰ ਸਿੱਖਿਆ ਅਤੇ ਅਨੁਭਵ ਰਾਹੀਂ ਸੁਰੱਖਿਆ ਦੀ ਮਹੱਤਤਾ ਨੂੰ ਸਮਝਾਉਣਾ ਸੀ। ਇਹ ਪ੍ਰੋਗਰਾਮ ਸੜਕ ਸੁਰੱਖਿਆ ਦੀਆਂ ਮੂਲ ਗੱਲਾਂ ਸਿਖਾਉਣ ਤੇ ਕੇਂਦ੍ਰਿਤ ਸੀ ਤਾਂ ਜੋ ਲੋਕ ਸੜਕਾਂ ਤੇ ਸੁਰੱਖਿਅਤ ਢੰਗ ਨਾਲ ਗੱਡੀ ਚਲਾ ਸਕਣ।

ਪ੍ਰੋਗਰਾਮ ਦੌਰਾਨ, ਇੰਟਰਐਕਟਿਵ ਗਤੀਵਿਧੀਆਂ ਰਾਹੀਂ ਸੜਕ ਸੁਰੱਖਿਆ ਜਾਗਰੂਕਤਾ ਤੇ ਧਿਆਨ ਕੇਂਦਰਿਤ ਕੀਤਾ ਗਿਆ। ਇਨ੍ਹਾਂ ਗਤੀਵਿਧੀਆਂ ਵਿੱਚ ਸੁਰੱਖਿਅਤ ਸਵਾਰੀ ਦੇ ਸਿਧਾਂਤ, ਹੈਲਮੇਟ ਜਾਗਰੂਕਤਾ, ਸਥਿਰ ਪ੍ਰਦਰਸ਼ਨ, ਖੇਡਾਂ ਅਤੇ ਕੁਇਜ਼ ਸ਼ਾਮਲ ਸਨ।

ਲੋਕ ਬਾਣੀ

ਇਨ੍ਹਾਂ ਗਤੀਵਿਧੀਆਂ ਵਿੱਚ ਸੁਰੱਖਿਅਤ ਸਵਾਰੀ ਦੇ ਸਿਧਾਂਤ, ਹੈਲਮੇਟ ਜਾਗਰੂਕਤਾ, ਸਥਿਰ ਪ੍ਰਦਰਸ਼ਨ, ਖੇਡਾਂ ਅਤੇ ਕੁਇਜ਼ ਸ਼ਾਮਲ ਸਨ।ਬੱਚਿਆਂ ਨੇ ਸੜਕ ਸੁਰੱਖਿਆ ਦੀ ਮਹੱਤਤਾ ਨੂੰ ਸਮਝਣ ਲਈ ਵਿਦਿਅਕ ਗਤੀਵਿਧੀਆਂ ਵਿੱਚ ਹਿੱਸਾ ਲਿਆ, ਜਿਸ ਵਿੱਚ ਮੁੱਖ ਸੁਰੱਖਿਆ ਸੰਕਲਪਾਂ ਨੂੰ ਸਰਲ ਢੰਗ ਨਾਲ ਪੇਸ਼ ਕੀਤਾ ਗਿਆ।

ਟ੍ਰੈਫਿਕ ਸੰਕੇਤਾਂ ਨੂੰ ਪਹੁੰਚਯੋਗ ਤਰੀਕੇ ਨਾਲ ਸਮਝਣ ਤੋਂ ਲੈ ਕੇ ਇਹ ਸਿੱਖਣ ਤੱਕ ਕਿ ਛੋਟੀਆਂ ਵਿਵਹਾਰਕ ਤਬਦੀਲੀਆਂ ਕਿਵੇਂ ਵੱਡਾ ਪ੍ਰਭਾਵ ਪਾ ਸਕਦੀਆਂ ਹਨ, ਤੇਰ ਸੈਸ਼ਨ ਆਯੋਜਿਤ ਕੀਤੇ ਗਏ ।

# ਨਵਾਂ ਮੋੜ ਵਿੱਚ ਹੋ ਰਹੀ ਹੈ ਪਿਆਰ ਦੀ ਸ਼ੁਰੂਆਤ !




ਹਿੱਟ ਸ਼ੋਅ ਨਵਾਂ ਸ਼ੋਅ ਵਿੱਚ, ਭਾਵਨਾਤਮਕ ਡਰਾਮਾ ਅਤੇ ਦਿਲੋਂ ਉਲਝਣ ਕੇਂਦਰ ਵਿੱਚ ਹਨ। ਪਿਛਲੇ ਐਪੀਸੋਡ ਵਿੱਚ, ਰਿਧੀ ਨੂੰ ਨਿਪੁਣ ਦਾ ਇੱਕ ਦਿਲੋਂ ਪੱਤਰ ਮਿਲਦਾ ਹੈ ਪਰ ਗਲਤੀ ਨਾਲ ਇਹ ਮੰਨਦੀ ਹੈ ਕਿ ਇਹ ਅੰਗਦ ਦੁਆਰਾ ਲਿਖਿਆ ਗਿਆ ਸੀ। ਇਸ ਦੌਰਾਨ, ਮਾਇਰਾ ਅਤੇ ਗੁੰਜਨ ਰਿਧੀ ਵੱਲੋਂ ਅੰਗਦ ਨੂੰ ਇੱਕ ਪਿਆਰ ਪੱਤਰ ਲਿਖ ਕੇ ਮਿਸ਼ਰਣ ਨੂੰ ਹੋਰ ਵਧਾਉਂਦੇ ਹਨ।

ਅੱਜ ਦੇ ਐਪੀਸੋਡ ਵਿੱਚ, ਦਰਸ਼ਕ ਇੱਕ ਸੁੰਦਰ ਸੱਭਿਆਚਾਰਕ ਪਲ ਦੇਖਦੇ ਹਨ ਕਿਉਂਕਿ ਰਿਧੀ ਦਾ ਚੂੜਾ ਵਧਾਉਣ ਸਮਾਰੋਹ ਪੂਰੇ ਰਵਾਇਤੀ ਜੋਸ਼ ਨਾਲ ਕੀਤਾ ਜਾਂਦਾ ਹੈ। ਹਾਲਾਂਕਿ, ਭਾਵਨਾਵਾਂ ਉੱਚੀਆਂ ਹੋ ਜਾਂਦੀਆਂ ਹਨ ਜਦੋਂ ਅੰਗਦ ਨੂੰ ਇੱਕ ਪਿਆਰ ਪੱਤਰ ਮਿਲਦਾ ਹੈ ਅਤੇ ਇਹ ਮੰਨਦਾ ਹੈ ਕਿ ਰਿਧੀ ਆਖਰਕਾਰ ਉਸ ਲਈ ਆਪਣੀਆਂ ਸੱਚੀਆਂ ਭਾਵਨਾਵਾਂ ਪ੍ਰਗਟ ਕਰ ਰਹੀ ਹੈ।

ਕੀ ਇਹ ਗਲਤ ਪਛਾਣ ਇੱਕ ਰੋਮਾਂਟਿਕ ਸਫਲਤਾ ਵੱਲ ਲੈ ਜਾਵੇਗੀ ਜਾਂ ਨਵੀਆਂ ਗਲਤਫਹਿਮੀਆਂ ਨੂੰ ਜਨਮ ਦੇਵੇਗੀ ? ਕੀ ਰਿਧੀ ਚੀਜ਼ਾਂ ਬਹੁਤ ਦੂਰ ਜਾਣ ਤੋਂ ਪਹਿਲਾਂ ਹਵਾ ਸਾਫ਼ ਕਰ ਸਕਦੀ ਹੈ ? ਅਤੇ ਰੂਹੀ ਕੀ ਭੂਮਿਕਾ ਨਿਭਾਏਗੀ ਕਿਉਂਕਿ ਰਾਜ਼ ਖੁੱਲ੍ਹਣੇ ਸ਼ੁਰੂ ਹੋ ਜਾਂਦੇ ਹਨ ? ਨਵਾ ਮੋੜ ਵਿੱਚ ਹਰ ਸੋਮਵਾਰ-ਸ਼ਨੀਵਾਰ ਸ਼ਾਮ 7:30 ਵਜੇ, ਸਿਰਫ਼ ਜ਼ੀ ਪੰਜਾਬੀ ਤੇ ਦਿਲਚਸਪ ਮੋੜਾਂ ਨੂੰ ਯਾਦ ਨਾ ਕਰੋ ! ਜ਼ੀ ਪੰਜਾਬੀ ਸਾਰੇ $♥®↔ ਅਤੇ 4“8 ਪਲੇਟਫਾਰਮਾਂ ਜਿਵੇਂ ਕਿ Fastway, Airtel DTH, Tata Play DTH, Dish TV, dBH ਅਤੇ ਹੋਰਾਂ ਤੇ ਉਪਲਬਧ ਹੈ।

ਲੋਕ ਬਾਣੀ

# ਜਲੰਧਰ ਜ਼ਿਲ੍ਹੇ 'ਚ ਕਣਕ ਦੀ ਬੰਪਰ ਪੈਦਾਵਾਰ, ਪੰਜਾਬ ਸਰਕਾਰ ਦੇ ਸੁੱਚਜੇ ਪ੍ਰਬੰਧਾਂ ਸਦਕਾ 5 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਨਿਰਵਿਘਨ ਖਰੀਦ

ਜਲੰਧਰ, : ਜ਼ਿਲ੍ਹੇ ਵਿੱਚ ਕਣਕ ਦਾ ਖਰੀਦ ਸੀਜ਼ਨ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਸਦਕਾ ਪੰਜਾਬ ਸਰਕਾਰ ਵਲੋਂ ਕੀਤੇ ਸੁੱਚਜੇ ਪ੍ਰਬੰਧਾਂ ਸਦਕਾ ਹੁਣ ਤੱਕ 5 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਨਿਰਵਿਘਨ ਖਰੀਦ ਹੋ ਚੁੱਕੀ ਹੈ।



ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ ਕਣਕ ਦੀ ਬੰਪਰ ਪੈਦਾਵਾਰ ਹੋਈ ਹੈ ਅਤੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 5,07,656 ਮੀਟ੍ਰਿਕ ਟਨ ਫ਼ਸਲ ਦੀ ਆਮਦ ਹੋਈ ਹੈ, ਜਿਸ ਵਿੱਚੋਂ 5,07,612 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ।

ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ ਕੀਤੀ ਗਈ ਖ਼ਰੀਦ ਬਾਰੇ ਜਾਣਕਾਰੀ ਦਿੰਦਿਆਂ ਡਾ. ਅਗਰਵਾਲ ਨੇ ਦੱਸਿਆ ਕਿ ਪਨਗ੍ਰੇਨ ਵੱਲੋਂ 165845 ਮੀਟ੍ਰਿਕ ਟਨ, ਮਾਰਕਫ਼ੈੱਡ ਵੱਲੋਂ 137181, ਪਨਸਪ ਵੱਲੋਂ 115135, ਪੰਜਾਬ ਸਟੇਟ ਵੇਅਰਹਾਊਸ ਕਾਰਪੋਰੇਸ਼ਨ ਵੱਲੋਂ 56941, ਐਫ.ਸੀ.ਆਈ. ਵੱਲੋਂ 27618 ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 4892 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਖ਼ਰੀਦ ਕੀਤੀ ਫ਼ਸਲ ਦੀ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ 1209 ਕਰੋੜ ਰੁਪਏ ਦੀ ਅਦਾਇਗੀ ਯਕੀਨੀ ਬਣਾਉਣ ਦੇ ਨਾਲ-ਨਾਲ ਤੇਜ਼ੀ ਨਾਲ ਫ਼ਸਲ ਦੀ ਚੁਕਾਈ ਵੀ ਕੀਤੀ ਜਾ ਚੁੱਕੀ ਹੈ।

ਲੋਕ ਬਾਣੀ

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਖ਼ਰੀਦ ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਅਤੇ ਕਣਕ ਦੀ ਬੰਪਰ ਪੈਦਾਵਾਰ ਦੇ ਮੱਦੇਜ਼ਨਰ ਜ਼ਿਲ੍ਹੇ ਵਿੱਚ 79 ਸਥਾਈ ਮੰਡੀਆਂ ਤੋਂ ਇਲਾਵਾ 23 ਆਰਜ਼ੀ ਮੰਡੀਆਂ ਵੀ ਸਥਾਪਤ ਕੀਤੀਆਂ ਗਈਆਂ ਸਨ, ਜਿਨ੍ਹਾਂ ਵਿੱਚ ਕਿਸਾਨਾਂ ਤੇ ਮਜ਼ਦੂਰਾਂ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਹੈ ਕਿ ਲਿਫਟਿੰਗ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ।

ਉਧਰ ਕਿਸਾਨਾਂ ਅਤੇ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ ਵੀ ਪ੍ਰਗਟਾਇਆ ਜਾ ਰਿਹਾ ਹੈ।

ਕਿਸਾਨਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਵਲੋਂ ਮੰਡੀਆਂ ਵਿੱਚ ਸੁਚਾਰੂ ਢੰਗ ਨਾਲ ਸਾਰੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਨਾਲੋ ਨਾਲ ਕਣਕ ਦੀ ਖਰੀਦ ਅਤੇ ਅਦਾਇਗੀ ਲਈ ਸੂਬਾ ਸਰਕਾਰ ਦਾ ਧੰਨਵਾਦ ਪ੍ਰਗਟਾਇਆ ।

# ਮੰਦਰ ਪ੍ਰਬੰਧਕਾਂ ਵੱਲੋਂ ਤ੍ਰਿਓਦਸੀ ਅਤੇ ਇਕਾਦਸੀਆਂ ਦਾ ਕੈਲੰਡਰ ਜਾਰੀ



ਤਪਾ ਮੰਡੀ,-ਪੰਚਮੁਖੀ ਹਨੂਮਾਨ ਅਤੇ ਸ਼ਨੀਦੇਵ ਮੰਦਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ 2082 ਦਾ ਦੇਸੀ ਮਹੀਨੇ ਦਾ ਕੈਲੰਡਰ ਰਿਲੀਜ਼ ਕੀਤਾ ਗਿਆ। ਜਿਸ ਵਿਚ ਮੰਦਰ ਦੇ ਸਾਰੇ ਪ੍ਰੋਗਰਾਮਾਂ ਦਾ ਵੇਰਵਿਆਂ ਜਿਵੇਂ ਰਣੀਕੇ ਲਈ ਫਰੀ ਬੱਸ ਯਾਤਰਾ,ਸ਼ਨੀਵਾਰ ਲੰਗਰ,ਇਕਾਦਸ਼ੀ ਕੀਰਤਨ ਅਤੇ ਨਿਸ਼ਾਨ ਯਾਤਰਾ ਅਤੇ ਹੋਰ ਤਿਉਹਾਰਾਂ ਵਾਲੇ ਬਾਰੇ ਦੱਸਿਆ ਗਿਆ। ਇਸ ਮੌਕੇ ਸਮੂਹ ਸ਼ਰਧਾਲੂਆਂ ਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਸਮੇਂ ਹਰੀਸ਼ ਮਿੱਤਲ ਗੋਸ਼ਾ,ਕਰਨ ਮਿੱਤਲ,ਕਾਲਾ ਘੁੰਨਸ,ਭੂਸ਼ਣ ਬਾਂਸਲ,ਤਾਰੀ ਦਰਾਜ,ਹਰੀਸ਼ ਬਾਂਸਲ,ਬਲਦੇਵ ਕ੍ਰਿਸ਼ਨ ਆਟੇ ਵਾਲੇ,ਰਮੇਸ਼ ਮੇਸ਼ੀ ਪੱਖੋ,ਸਰੇਸ਼ ਮਿੱਤਲ,ਦੀਪੂ ਭੈਣੀ ਅਤੇ ਰਾਧਾ ਕ੍ਰਿਸ਼ਨ ਮਹਿਲਾ ਸੰਕੀਰਤਨ ਮੰਡਲ ਵੱਲੋਂ ਰੀਨਾ ਗਰਗ,ਨੀਸ਼ੂ,ਮੋਨਿਕਾ, ਅਨੀਤਾ ਰਾਣੀ, ਮਨੀਸ਼ਾ, ਰਾਣੋ ਗੋਇਲ, ਸੋਨੀਆ, ਸੀਮਾ ਰਾਣੀ, ਗੋਲਡੀ ਆਦਿ ਸ਼ਰਧਾਲੂ ਹਾਜਰ ਸਨ।

ਲੋਕ ਬਾਣੀ

# ਮੌਜੂਦਾ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਤੇ ਪੁਲਿਸ ਕਮਿਸ਼ਨਰ ਵੱਲੋਂ ਸੁਰੱਖਿਆ ਤਿਆਰੀਆਂ ਦਾ ਜਾਇਜ਼ਾ

ਜਲੰਧਰ, – ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਵੱਲੋਂ ਅੱਜ ਜ਼ਿਲ੍ਹੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਇੰਟੈਗ੍ਰੇਟਿਡ ਕਮਾਂਡ ਤੇ ਕੰਟਰੋਲ ਸੈਂਟਰ(ਆਈ.ਸੀ.ਸੀ.ਸੀ) ਵਿਖੇ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਗਈ।



ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਵਸਨੀਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਦੁਹਰਾਈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇੰਟੈਗ੍ਰੇਟਿਡ ਕਮਾਂਡ ਤੇ ਕੰਟਰੋਲ ਸੈਂਟਰ ਰਾਹੀਂ ਜ਼ਿਲ੍ਹੇ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਨਾਗਰਿਕ ਕਿਸੇ ਵੀ ਸ਼ੱਕੀ ਡ੍ਰੋਨ ਗਤੀਵਿਧੀ ਜਾਂ ਹੋਰ ਮੁੱਦਿਆਂ ਸਬੰਧੀ ਜਾਣਕਾਰੀ ਦੇਣ ਲਈ ਕੰਟਰੋਲ ਰੂਮ ਦੇ ਨੰਬਰ 0181-2224417 ਤੇ ਸੰਪਰਕ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਸਾਰੇ ਸੁਰੱਖਿਆ ਪ੍ਰੋਟੋਕੋਲ, ਖਾਸ ਕਰ ਜਨਤਕ ਸੁਰੱਖਿਆ ਲਈ ਜਾਰੀ ਬਲੈਕਆਊਟ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੇਲੋੜੀ ਆਵਾਜਾਈ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਆਪਣੇ ਘਰਾਂ ਦੇ ਅੰਦਰ ਰਹਿਣਾ ਚਾਹੀਦਾ ਹੈ। ਉਨ੍ਹਾਂ ਗਲਤ ਜਾਣਕਾਰੀ ਫੈਲਾਉਣ ਵਿਰੁੱਧ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਫੇਕ ਨਿਊਜ਼ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਵਸਨੀਕਾਂ ਨੂੰ ਘਬਰਾਹਟ ਵਿੱਚ ਖ਼ਰੀਦਦਾਰੀ ਕਰਨ ਤੋਂ ਬਚਣ ਦੀ ਅਪੀਲ ਕਰਨ ਦੇ ਨਾਲ-ਨਾਲ ਅਧਿਕਾਰੀਆਂ ਨੂੰ ਜਮ੍ਹਾਖੋਰੀ ਅਤੇ ਕਾਲਾਬਾਜ਼ਾਰੀ ਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਭਰੋਸਾ ਦਿੱਤਾ ਕਿ ਸ਼ਹਿਰ ਦੀ ਸੁਰੱਖਿਆ ਲਈ ਪੁਲਿਸ ਟੀਮਾਂ ਸਰਗਰਮੀ ਨਾਲ ਤਾਇਨਾਤ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਐਮਰਜੈਂਸੀ ਦੀ ਸੂਚਨਾ ਦੇਣ ਲਈ ਨਾਗਰਿਕ 112 ਨੰਬਰ 'ਤੇ ਸੰਪਰਕ ਕਰ ਸਕਦੇ ਹਨ ਅਤੇ ਉਨ੍ਹਾਂ ਅਮਨ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਜਨਤਕ ਸਹਿਯੋਗ ਦੀ ਅਪੀਲ ਵੀ ਕੀਤੀ।

ਸਿਵਲ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦੇ ਸਾਂਝੇ ਯਤਨ ਪੰਜਾਬ ਸਰਕਾਰ ਦੀ ਸਥਿਤੀ ਨੂੰ ਸਰਗਰਮੀ ਨਾਲ ਸੰਭਾਲਣ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੇ ਹਨ, ਜਿਸ ਨਾਲ ਜਨਤਕ ਹਿੱਤਾਂ ਦੀ ਰਾਖੀ ਕਰਦਿਆਂ ਕਾਨੂੰਨ ਵਿਵਸਥਾ ਵੀ ਬਰਕਰਾਰ ਰਹੇ।

# ਦੀਵਾਨੇ ਖਾਟੂ ਵਾਲੇ ਕੇ ਸੇਵਾ ਸੰਘ ਨੇ ਖਾਟੂ ਸ਼ਿਆਮ ਜੀ ਦਾ ਸੰਕੀਰਤਨ ਕਰਵਾਇਆ



ਤਪਾ ਮੰਡੀ-ਦੀਵਾਨੇ ਖਾਟੂ ਵਾਲੇ ਕੇ ਸੇਵਾ ਸੰਘ ਵੱਲੋਂ ਇਕਾਦਸ਼ੀ ਦੇ ਸੁਭ ਦਿਹਾੜੇ ਨੂੰ ਮੁੱਖ ਰੱਖਦਿਆਂ ਸ਼੍ਰੀ ਖਾਟੂ ਸ਼ਿਆਮ ਜੀ ਦਾ ਸੰਕੀਰਤਨ ਪ੍ਰਾਚੀਨ ਸਰਾਂ ਮੰਦਰ ਵਿਖੇ ਕਰਵਾਇਆ ਗਿਆ। ਇਸ ਮੌਕੇ ਪੰਡਿਤ ਅਨਿਲ ਸ਼ਰਮਾ ਨੇ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਮੰਤਰਾਂ ਦਾ ਉਚਾਰਨ ਕਰਕੇ ਪੂਜਣ ਦੀ ਰਸਮ ਕਮਲ ਗੋਇਲ ਤੋਂ ਸਮੇਤ ਪਰਿਵਾਰ ਅਦਾ ਕਰਵਾਈ। ਸੰਕੀਰਤਨ ਮੌਕੇ ਪ੍ਰਸਿੱਧ ਭਜਨ ਗਾਇਕ ਹੈਪੀ ਸੋਹਲ ਬਰਨਾਲਾ ਵਾਲਿਆਂ ਨੇ ਖਾਟੂ ਸ਼ਿਆਮ ਜੀ ਦੇ ਭਜਨਾਂ ਦਾ ਗੁਣਗਾਨ ਕਰਕੇ ਸੰਗਤ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਸ ਧਾਰਮਿਕ ਸਮਾਗਮ ਮੌਕੇ ਸਮੂਹ ਮੰਡੀ ਨਿਵਾਸੀਆਂ ਨੇ ਵੱਡੀ ਗਿਣਤੀ ਚ ਸ਼ਿਰਕਤ ਕਰਕੇ ਭਗਵਾਨ ਖਾਟੂ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਸੰਘ ਦੇ ਸਮੂਹ ਮੈਂਬਰਾਂ ਨੇ ਆਏ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਬਸੰਤ ਲਾਲ ਬਾਂਸਲ,ਕਮਲ ਗੋਇਲ,ਅਰੁਣ ਗੋਇਲ,ਕਮਲ ਬਾਂਸਲ,ਅਸ਼ਵਨੀ ਕੁਮਾਰ ਬਹਾਵਲਪੁਰੀਆ,ਸ਼ਿਵਮ ਬਾਂਸਲ, ਲਵਲੀ ਕੁਮਾਰ, ਸਾਬਕਾ ਕੌਂਸਲਰ ਗੁਰਮੀਤ ਸਿੰਘ ਰੋੜ,ਸੰਦੀਪ ਭੈਣੀ, ਉਮੇਸ਼ ਕੁਮਾਰ ਟਿੰਕੂ, ਅੰਕਿਤ ਕੁਮਾਰ, ਸਾਬਕਾ ਕੌਂਸਲਰ ਗੁਰਮੀਤ ਰੋੜ,ਐਡਵੋਕੇਟ ਦੀਪਕ ਬਾਂਸਲ, ਮਨੀਸ਼ ਬਹਾਵਲਪੁਰੀਆ, ਸੰਦੀਪ ਕੁਮਾਰ ਵਿੱਕੀ, ਅਸ਼ੋਕ ਸ਼ਹਿਣਾ, ਰਜਿੰਦਰ ਬਾਂਸਲ, ਸੰਜੀਵ ਮੌੜ, ਲਾਲੀ ਧੂਰਕੋਟੀਆ, ਭਾਰਤ ਭੂਸ਼ਣ, ਦੀਪਕ ਕੁਮਾਰ ਆਦਿ ਵੱਡੀ ਗਿਣਤੀ ਚ ਸ਼ਰਧਾਲੂ ਮੌਜੂਦ ਸਨ।

# ਡਿਪਟੀ ਕਮਿਸ਼ਨਰ ਵੱਲੋਂ ਨਾਗਰਿਕਾਂ ਨੂੰ ਸੰਜਮ ਨਾਲ ਖ਼ਰੀਦਦਾਰੀ ਕਰਨ ਦੀ ਅਪੀਲ

ਜਲੰਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਾਗਰਿਕਾਂ ਨੂੰ ਸੰਜਮ ਨਾਲ ਅਤੇ ਸੋਚ-ਵਿਚਾਰ ਕੇ ਖ਼ਰੀਦਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਘਬਰਾਹਟ ਵਿੱਚ ਆ ਕੇ ਧੜਾਧੜ ਖ਼ਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਦਾ ਸਾਹਮਣਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ।

ਡਾ. ਅਗਰਵਾਲ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਜਨਤਾ ਨੂੰ ਹਰ ਪ੍ਰਕਾਰ ਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤਾਂ ਸਮੇਤ ਕਿਸੇ ਵੀ ਚੀਜ਼ ਦੀ ਜਮ੍ਹਾਖੋਰੀ ਬਿਲਕੁੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਜਮ੍ਹਾਖੋਰੀ ਜਾਂ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਡੀ.ਐਫ.ਐਸ.ਸੀ. ਨੂੰ ਜਮ੍ਹਾਖੋਰੀ 'ਤੇ ਸਖ਼ਤ ਨਿਗਰਾਨੀ ਰੱਖਣ ਅਤੇ ਗਲਤ ਇਰਾਦੇ ਨਾਲ ਥੋਕ ਵਿੱਚ ਖ਼ਰੀਦਦਾਰੀ ਕਰਨ ਵਾਲਿਆਂ ਦੀ ਸੂਚੀ ਤਿਆਰ ਕਰਕੇ ਪ੍ਰਸ਼ਾਸਨ ਨਾਲ ਸਾਂਝੀ ਕਰਨ ਦੇ ਨਿਰਦੇਸ਼ ਵੀ ਦਿੱਤੇ।

ਇਸਦੇ ਨਾਲ ਹੀ, ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਭਵਿੱਖ ਵਿੱਚ ਹੋਣ ਵਾਲੀ ਮੌਕ ਡਰਿੱਲ ਦੀ ਪੂਰੀ ਗੰਭੀਰਤਾ ਨਾਲ ਪਾਲਣਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਮੌਕ ਡਰਿੱਲ ਘੱਟ ਸਮੇਂ ਲਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਲੈਕ ਆਊਟ ਡਰਿੱਲ ਦੌਰਾਨ ਲਾਈਟ ਬੰਦ ਕਰ ਦਿੱਤੀ ਜਾਵੇਗੀ ਅਤੇ ਟ੍ਰੈਫਿਕ ਲਾਈਟਾਂ ਵੀ ਬੰਦ ਰਹਿਣਗੀਆਂ। ਉਨ੍ਹਾਂ ਅਪੀਲ ਕੀਤੀ ਕਿ ਇਸ ਦੌਰਾਨ ਆਪਣੇ ਘਰਾਂ ਵਿੱਚ ਇਨਵਰਟਰ ਜਾਂ ਜਨਰੇਟਰ ਬੰਦ ਰੱਖੇ ਜਾਣ। ਜੇਕਰ ਕਿਸੇ ਵਜ੍ਹਾ ਕਾਰਨ ਇਹ ਚਲਾਉਣੇ ਵੀ ਹਨ ਤਾਂ ਇਸ ਤਰ੍ਹਾਂ ਚਲਾਏ ਜਾਣ ਕਿ ਰੌਸ਼ਨੀ ਖਿੜਕੀਆਂ ਦਰਵਾਜ਼ਿਆਂ ਵਿੱਚੋਂ ਬਾਹਰ ਨਾ ਜਾਵੇ। ਉਨ੍ਹਾਂ ਕਿਹਾ ਕਿ ਇਸ ਦੌਰਾਨ ਵਾਹਨਾਂ 'ਤੇ ਗੈਰ-ਜ਼ਰੂਰੀ ਸਫ਼ਰ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਕੋਈ ਵਾਹਨ ਸੜਕ 'ਤੇ ਜਾ ਰਿਹਾ ਹੈ ਤਾਂ ਉਸਦੀਆਂ ਲਾਈਟਾਂ ਬੰਦ ਕਰਕੇ ਉਸ ਨੂੰ ਸੜਕ ਦੇ ਕਿਨਾਰੇ ਰੋਕ ਲਿਆ ਜਾਵੇ।

ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਬਿਨਾਂ ਮੌਕ ਡਰਿੱਲ ਦੀ ਅਨਾਊਂਸਮੈਂਟ ਤੋਂ ਵੀ ਸਾਇਰਨ ਦੀ ਆਵਾਜ਼ ਸੁਣਾਈ ਦਿੰਦੀ ਹੈ ਤਾਂ ਤੁਰੰਤ ਮੌਕ ਡਰਿੱਲ ਦੌਰਾਨ ਕੀਤੇ ਅਭਿਆਸ ਨੂੰ ਅਮਲ ਵਿੱਚ ਲਿਆਂਦਾ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਸਲਾਹ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਲੋਕ ਹਿੱਤ ਵਿੱਚ ਜਾਰੀ ਐਡਵਾਈਜ਼ਰੀ ਦੀ ਇੰਨ-



ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫ਼ਵਾਹ ਫੈਲਾਉਂਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਓਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਡੀ.ਐਫ.ਐਸ.ਸੀ. ਨਰਿੰਦਰ ਸਿੰਘ ਵੱਲੋਂ ਡੀ. ਮਾਰਟ ਸਮੇਤ ਵੱਖ-ਵੱਖ ਸਟੋਰਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਪ੍ਰਬੰਧਕਾਂ ਨੂੰ ਵਿਅਕਤੀਗਤ ਲੋਕਾਂ ਨੂੰ ਥੋਕ ਵਿੱਚ ਸਾਮਾਨ ਨਾ ਵੇਚਣ ਅਤੇ ਗਾਹਕਾਂ ਨੂੰ ਵੀ ਬਿਨਾਂ ਲੋੜ ਤੋਂ ਥੋਕ ਵਿੱਚ ਖ਼ਰੀਦਦਾਰੀ ਨਾ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ। ਡੀ.ਐਫ.ਐਸ.ਸੀ. ਨੇ ਦੱਸਿਆ ਕਿ ਸਟੋਰ ਵਿੱਚ ਨਿਯਮਿਤ ਤੌਰ 'ਤੇ ਘੋਸ਼ਣਾਵਾਂ ਵੀ ਕਰਵਾਈਆਂ ਜਾ ਰਹੀਆਂ ਹਨ ਕਿ ਨਿਯਮਿਤ ਲੋੜ ਮੁਤਾਬਕ ਹੀ ਸਾਮਾਨ ਖਰੀਦਿਆ ਜਾਵੇ।

# ਸੜਕਾਂ ਤੇ ਖਿੱਲਰੇ ਕਣਕ ਦੇ ਸਿੱਟੇ ਬਣਦੇ ਨੇ ਹਾਦਸਿਆਂ ਦਾ ਕਾਰਨ



ਤਪਾ ਮੰਡੀ,-ਅੱਜ ਕੱਲ੍ਹ ਇਲਾਕੇ ਦੀਆਂ ਲਗਭਗ ਸਾਰੀਆਂ ਸੜਕਾਂ ਹੀ ਹਾਦਸਿਆਂ ਦਾ ਕਾਰਨ ਬਣ ਰਹੀਆਂ ਹਨ, ਕਿਉਂਕਿ ਹਰ ਪਾਸੇ ਸੜਕਾਂ ਤੇ ਗਰੀਬ ਅਤੇ ਲੋੜਵੰਦ ਪਰਿਵਾਰਾਂ ਵਲੋਂ ਖੇਤਾਂ ਚੋਂ ਕਣਕ ਦੀ ਕਟਾਈ ਤੋਂ ਬਾਅਦ ਖੇਤਾਂ ਵਿਚ ਕਟਾਈ ਤੋਂ ਬਾਕੀ ਬਚੀਆਂ ਅਤੇ ਆਸੇ ਪਾਸੇ ਡਿੱਗੀਆਂ ਕਣਕ ਦੀਆਂ ਬੱਲੀਆਂ ਵਿਚੋਂ ਦਾਣੇ ਕੱਢਣ ਲਈ ਸੜਕਾਂ ਤੇ ਖਿਲਾਰ ਦਿੱਤਾ ਜਾਂਦਾ ਹੈ। ਭਾਵੇਂ ਅਜਿਹਾ ਕਰਨਾ ਇਨ੍ਹਾਂ ਪਰਿਵਾਰਾਂ

ਵਲੋਂ ਆਪਣੀ ਮਜਬੂਰੀ ਦੱਸਿਆ ਗਿਆ ਪਰ ਕਈ ਵਾਰ ਇਨ੍ਹਾਂ ਸਿੱਟਿਆਂ ਚੋਂ ਨਿਕਲੇ ਦਾਣਿਆਂ ਕਾਰਨ ਦੋ ਪਹੀਆ ਵਾਹਨ ਸਕੂਟਰ, ਮੋਟਰਸਾਈਕਲ ਆਦਿ ਸਲਿਪ ਹੋਣ ਕਰ ਕੇ ਹਾਦਸਾ ਵਾਪਰਨ ਕਾਰਨ ਰਾਹਗੀਰਾਂ ਦੇ ਸੱਟਾਂ ਵੀ ਲੱਗ ਜਾਂਦੀਆਂ ਹਨ। ਇਸ ਤੋਂ ਇਲਾਵਾ ਸੜਕ ਤੇ ਇਨ੍ਹਾਂ ਸਿੱਟਿਆਂ ਉੱਪਰੋਂ ਵੱਡੇ ਵਾਹਨ ਲੰਘਣ ਅਤੇ ਸੜਕ ਕੰਢੇ ਕਣਕ ਤੂੜੀ ਤੋਂ ਅਲੱਗ ਕਰਨ ਲਈ ਖੁੱਲ੍ਹੀ ਹਵਾ ਵਿਚ ਉਡਾਉਣ ਕਾਰਨ ਛੋਟੇ ਵਾਹਨ ਚਾਲਕਾਂ ਅਤੇ ਪੈਦਲ ਰਾਹਗੀਰਾਂ ਦੀਆਂ ਅੱਖਾਂ ਵਿਚ ਉੱਡ ਕੇ ਕਈ ਵਾਰੀ ਤੂੜੀ ਦੇ ਕਣ ਵੀ ਪੈ ਜਾਂਦੇ ਹਨ ਜੋ ਕਿਸੇ ਸਮੇਂ ਵੀ ਵੱਡੇ ਹਾਦਸੇ ਦਾ ਕਾਰਨ ਬਣ ਜਾਂਦੇ ਹਨ। ਇਸ ਲਈ ਪ੍ਰਸ਼ਾਸਨ ਨੂੰ ਰਾਹਗੀਰਾਂ ਦੀ ਸਮੱਸਿਆ ਵੱਲ ਧਿਆਨ ਦੇ ਕੇ ਅਜਿਹੇ ਲੋਕਾਂ ਨੂੰ ਸਮਝਾ ਕੇ ਅਜਿਹਾ ਕਰਨ ਤੋਂ ਰੋਕਣਾ ਚਾਹੀਦਾ ਹੈ।